ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

# ਸਾਂਝੀ ਸੋਚ

SANJHI SOCH HD

ਸਾਂਝੀ ਸੋਚ

ਰੋਜ਼ਾਨਾ ਪੰਜਾਬੀ ਅਖ਼ਬਾਰ

ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2352 | 22 January, 2026 Thursday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ ਦੁਨੀਆਂ | +1 (209) 303-1260


# ਭਾਰਤੀ ਮੂਲ ਦੀ ਮਸ਼ਹੂਰ ਪੁਲਾੜ ਯਾਤਰੀ ਸੁਨੀਤਾ ਵਿਲੀਅਮਸ ਨਾਸਾ ਤੋਂ ਹੋਈ ਰਿਟਾਇਰ

ਨਿਊਯਾਰਕ
ਸਾਂਝੀ ਸੋਚ ਬਿਊਰੋ

ਨਾਸਾ ਦੀ ਮਸ਼ਹੂਰ ਪੁਲਾੜ ਯਾਤਰੀ ਸੁਨੀਤਾ ਵਿਲੀਅਮਸ 27 ਸਾਲਾਂ ਦੀ ਲੰਬੀ ਅਤੇ ਇਤਿਹਾਸਕ ਸੇਵਾ ਤੋਂ ਬਾਅਦ ਨਾਸਾ ਤੋਂ ਰਿਟਾਇਰ ਹੋ ਗਈ ਹੈ। ਉਨ੍ਹਾਂ ਦੀ ਸੇਵਾਮੁਕਤੀ 27 ਦਸੰਬਰ, 2025 ਤੋਂ ਪ੍ਰਭਾਵੀ ਹੋ ਗਈ ਹੈ। ਆਪਣੇ ਕਰੀਅਰ ਦੌਰਾਨ ਸੁਨੀਤਾ ਵਿਲੀਅਮਸ ਨੇ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ (ਆਈ.ਐੱਸ.ਐੱਸ.) 'ਤੇ ਤਿੰਨ ਮਿਸ਼ਨ ਪੂਰੇ ਕੀਤੇ ਅਤੇ ਮਨੁੱਖੀ ਪੁਲਾੜ ਉਡਾਣ ਦੇ ਖੇਤਰ ਵਿਚ ਕਈ ਰਿਕਾਰਡ ਬਣਾਏ।

ਨਾਸਾ ਅਨੁਸਾਰ, ਸੁਨੀਤਾ ਵਿਲੀਅਮਸ ਨੇ ਪੁਲਾੜ ਵਿਚ ਕੁੱਲ 608 ਦਿਨ ਬਿਤਾਏ, ਜੋ ਕਿ ਕਿਸੇ ਵੀ ਨਾਸਾ ਪੁਲਾੜ ਯਾਤਰੀ ਦੁਆਰਾ ਬਿਤਾਇਆ ਗਿਆ ਦੂਜਾ ਸਭ ਤੋਂ ਵੱਧ ਸਮਾਂ ਹੈ। ਉਸਨੇ 9 ਸਪੇਸਵਾਕ ਕੀਤੇ, ਜਿਨ੍ਹਾਂ ਦੀ ਕੁੱਲ ਮਿਆਦ 62 ਘੰਟੇ ਅਤੇ 6 ਮਿੰਟ ਸੀ। ਇਹ ਇੱਕ ਮਹਿਲਾ ਪੁਲਾੜ ਯਾਤਰੀ ਦੁਆਰਾ ਸਭ ਤੋਂ ਵੱਧ ਸਪੇਸਵਾਕ ਸਮਾਂ ਹੈ ਅਤੇ ਉਹ ਕੁੱਲ ਸੂਚੀ ਵਿਚ ਚੌਥੇ ਸਥਾਨ 'ਤੇ ਹੈ। ਇਸ ਤੋਂ ਇਲਾਵਾ ਉਹ ਪੁਲਾੜ ਵਿਚ ਮੈਰਾਥਨ ਦੌੜਨ ਵਾਲੀ ਪਹਿਲੀ ਵਿਅਕਤੀ ਵੀ ਬਣ ਗਈ।

ਨਾਸਾ ਦੇ ਪ੍ਰਸ਼ਾਸਕ ਜੈਰੇਡ ਇਸਾਕਮੈਨ ਨੇ ਕਿਹਾ ਕਿ ਸੁਨੀਤਾ ਵਿਲੀਅਮਸ ਮਨੁੱਖੀ ਪੁਲਾੜ ਉਡਾਣ ਵਿਚ ਮੋਹਰੀ ਸੀ ਅਤੇ ਪੁਲਾੜ ਸਟੇਸ਼ਨ 'ਤੇ ਆਪਣੀ ਅਗਵਾਈ ਰਾਹੀਂ ਭਵਿੱਖ ਦੇ ਮਿਸ਼ਨਾਂ ਦੀ ਨੀਂਹ ਰੱਖੀ। ਉਨ੍ਹਾਂ ਦੇ ਯੋਗਦਾਨ ਨੇ ਚੰਦਰਮਾ ਲਈ ਆਰਟੇਮਿਸ ਮਿਸ਼ਨਾਂ ਅਤੇ ਮੰਗਲ ਗ੍ਰਹਿ ਲਈ ਭਵਿੱਖ ਦੇ ਮਿਸ਼ਨਾਂ ਲਈ ਰਾਹ ਪੱਧਰਾ ਕੀਤਾ ਹੈ।

ਸੁਨੀਤਾ ਵਿਲੀਅਮਸ ਨੇ ਪਹਿਲੀ ਵਾਰ ਦਸੰਬਰ 2006 ਵਿਚ ਸਪੇਸ ਸ਼ਟਲ ਡਿਸਕਵਰੀ 'ਤੇ ਉਡਾਣ ਭਰੀ ਸੀ। ਇਸ ਤੋਂ ਬਾਅਦ 2012 ਵਿਚ ਉਸਨੇ ਕਜ਼ਾਕਿਸਤਾਨ ਦੇ ਬੈਕੋਨੂਰ



ਕੋਸਮੋਡ੍ਰੋਮ ਤੋਂ ਪੁਲਾੜ ਦੀ ਯਾਤਰਾ ਕੀਤੀ ਅਤੇ ਪੁਲਾੜ ਸਟੇਸ਼ਨ ਦੀ ਕਮਾਂਡਰ ਵਜੋਂ ਸੇਵਾ ਨਿਭਾਈ। ਹਾਲ ਹੀ ਵਿਚ ਉਹ ਜੂਨ 2024 ਵਿਚ ਬੋਇੰਗ ਸਟਾਰਲਾਈਨਰ ਮਿਸ਼ਨ 'ਤੇ ਪੁਲਾੜ ਗਈ ਅਤੇ ਮਾਰਚ 2025 ਵਿਚ ਧਰਤੀ 'ਤੇ ਵਾਪਸ ਆਈ। ਸੁਨੀਤਾ ਦਾ ਕਰੀਅਰ ਪੀੜ੍ਹੀਆਂ ਨੂੰ ਪ੍ਰੇਰਿਤ ਕਰੇਗਾ। ਨਾਸਾ ਦੇ ਜੌਹਨਸਨ ਸਪੇਸ ਸੈਂਟਰ ਦੀ ਡਾਇਰੈਕਟਰ ਵੈਨੇਸਾ ਵਿਚ ਨੇ ਕਿਹਾ ਕਿ ਸੁਨੀਤਾ ਦਾ ਕਰੀਅਰ ਲੀਡਰਸ਼ਿਪ, ਸਮਰਪਣ ਅਤੇ ਹਿੰਮਤ ਨੂੰ ਦਰਸਾਉਂਦਾ ਹੈ, ਜੋ ਆਉਣ ਵਾਲੀਆਂ ਪੀੜ੍ਹੀਆਂ ਦੇ ਪੁਲਾੜ ਯਾਤਰੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ। ਸੇਵਾਮੁਕਤੀ ਤੋਂ ਬਾਅਦ ਸੁਨੀਤਾ ਵਿਲੀਅਮਸ ਨੇ ਕਿਹਾ ਕਿ ਪੁਲਾੜ ਉਸਦੀ ਮਨਪਸੰਦ ਜਗ੍ਹਾ ਰਹੀ ਹੈ ਅਤੇ ਨਾਸਾ ਵਿਚ ਉਸਦਾ ਸਮਾਂ ਉਸਦੀ ਜ਼ਿੰਦਗੀ ਦਾ ਸਭ ਤੋਂ ਵੱਡਾ ਸਨਮਾਨ ਰਿਹਾ ਹੈ। ਉਸਨੇ ਉਮੀਦ ਪ੍ਰਗਟ ਕੀਤੀ ਕਿ ਉਸਦਾ ਕੰਮ ਚੰਦਰਮਾ ਅਤੇ ਮੰਗਲ ਗ੍ਰਹਿ ਦੇ ਮਿਸ਼ਨਾਂ ਲਈ ਰਾਹ ਪੱਧਰਾ ਕਰੇਗਾ।


Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality Wedding Videos Pre Wedding Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
• The American Rescue Plan passed by President Biden could save you hundreds or even thousands of dollars a month.
• There is more financial help than ever before
• Even if you didn't qualify for subsidies before, now you might be able to save thousands on health insurance premiums.
• Huge tax credits are available only if you apply thru Covered California
ਹੈਲਥ ਇੰਸ਼ੋਰੈਂਸ ਨਾ ਕਰਵਾਉਣ 'ਤੇ ਤੁਹਾਨੂੰ ਜੁਰਮਾਨਾ ਵੀ ਹੋ ਸਕਦਾ ਹੈ। ਇਸ ਲਈ ਅੱਜ ਹੀ ਆਪਣੀ ਅਤੇ ਆਪਣੇ ਪਰਿਵਾਰ ਦੀ ਹੈਲਥ ਇੰਸ਼ੋਰੈਂਸ ਕਰਵਾਉਣ ਲਈ ਇੰਦਰਜੀਤ ਮਾਨ ਨੂੰ ਕਾਲ ਕਰੋ। ਜਿਹੜੇ Covered California ਦੇ Certified Agent ਹਨ। ਇੰਦਰਜੀਤ ਮਾਨ ਕੋਲ ਹੈਲਥ ਇੰਸ਼ੋਰੈਂਸ ਦਾ ਲੰਬੇ ਸਮੇਂ ਦਾ ਤਜ਼ਰਬਾ ਹੈ।
Anthem
Certified Insurance Agent
Inderjeet Singh Mann
CA Lic# 0H82488
Ph.: (916) 900-2000

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137


Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com





ਸਿੱਖ ਗੁਰਦੁਆਰਾ ਸੈਨ ਹੋਜ਼ੇ ਪ੍ਰਬੰਧਕ ਕਮੇਟੀ ਵੱਲੋਂ ਸਾਰੀ ਸਾਧ ਸੰਗਤ ਨੂੰ ਸਤਿਕਾਰ ਸਹਿਤ ਸੱਦਾ ਦਿੱਤਾ ਜਾਂਦਾ ਕਿ

**25 ਜਨਵਰੀ , ਦਿਨ ਐਤਵਾਰ ਦੁਪਹਿਰ 12 ਵਜੇ**

**ਗੁਰਦੁਆਰਾ ਸਾਹਿਬ ਦੇ ਪ੍ਰਾਂਗਣ ਵਿੱਚ North ਤੇ South Hall Double Story Project ਦੀ ਅਰਦਾਸ ਅਤੇ Ground Breaking ਕੀਤੀ ਜਾਵੇਗੀ ।**






ਸੋ ਆਓ ਗੁਰੂ ਘਰ ਦੇ ਇਸ ਮਹੱਤਵਪੂਰਨ ਵਿਸਥਾਰ ਕਾਰਜ ਵਿੱਚ ਹਾਜ਼ਰੀ ਭਰ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰੀਏ ਅਤੇ ਸੇਵਾ ਦੇ ਭਾਗੀਦਾਰ ਬਣੀਏ।

"ਇਹ ਪਾਵਨ ਸਮਾਗਮ ਸਿੱਖ ਗੁਰਦੁਆਰਾ ਸੈਨ ਹੋਜ਼ੇ, 3636 ਗੁਰਦੁਆਰਾ ਐਵੇਨਿਊ, ਸੈਨ ਹੋਜ਼ੇ, ਕੈਲੀਫ਼ੋਰਨੀਆ ਵਿੱਚ ਕਰਵਾਇਆ ਜਾਵੇਗਾ।"

**ਸਾਧ ਸੰਗਤ ਨੂੰ ਬੇਨਤੀ ਹੈ ਕਿ ਇਸ ਪਾਵਨ ਸਮਾਗਮ ਵਿੱਚ ਆਪਣੀ ਹਾਜ਼ਰੀ ਜ਼ਰੂਰ ਭਰਣ।**

ਵਾਹਿਗੁਰੂ ਜੀ ਕਾ ਖਾਲਸਾ, ਵਾਹਿਗੁਰੂ ਜੀ ਕੀ ਫਤਹਿ।


NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੋਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria
MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

ਸਾਂਝੀ ਸੋਚ SANJHI SOCH

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road, Suite H2-167 Modesto, CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਆਮ ਆਦਮੀ ਪਾਰਟੀ ਦੇ ਸੁਪਰੀਮੋ ਕੇਜਰੀਵਾਲ ਆਪਣੀਆਂ ਗਲਤ ਨੀਤੀਆਂ ਨਾਲ ਪੰਜਾਬ ਦੀ ਭਗਵੰਤ ਸਿੰਘ ਮਾਨ ਦੀ ਸਰਕਾਰ ਨੂੰ ਢਾਹ ਨਹੀਂ ਲਗਾ ਰਹੇ!!




ਆਮ ਆਦਮੀ ਪਾਰਟੀ ਦੀ ਹੋਂਦ 26 ਨਵੰਬਰ 2012 ਵਿੱਚ ਦਿੱਲੀ ਵਿੱਚ ਰੱਖੀ ਗਈ ਸੀ। ਇਸ ਪਾਰਟੀ ਨੂੰ ਬਣਾਉਣ ਦਾ ਉਦੇਸ਼ ਦੇਸ਼ ਵਿੱਚ 'ਸਵਰਾਜ' ਦੀ ਸਥਾਪਨਾ ਕਰਨਾ ਸੀ ਜੋ ਕਟੜ੍ਹ ਈਮਾਨਦਾਰ ਦੇ ਨਾਲ ਕਟੱੜ੍ਹ ਦੇਸ਼ ਭਗਤ ਪਾਰਟੀ ਹੋਵੇਗੀ। ਇਸ ਪਾਰਟੀ ਵਿੱਚ ਦੇਸ਼ ਦੇ ਚਿੰਤਕ ਸ੍ਰੀ ਅੰਨਾ ਹਜਾਰੇ, ਸ੍ਰੀ ਕੇਜਰੀਵਾਲ,ਉਘੇ ਸੁਪਰੀਮ ਕੋਰਟ ਦੇ ਵਕੀਲ ਪਰਸ਼ਾਤ ਭੂਸਨ ,ਰਾਜਨੀਤਿਕ ਵਿਆਖਿਆਕਾਰ ਸ੍ਰੀ ਯੋਗਿੰਦਰ ਯਾਦਵ ,ਕੁਮਾਰ ਯਾਦਵ ਆਦਿ ਕਈ ਹੋਰ ਸ਼ਹਿਰੀ ਤੇ ਪੇਂਡੂ ਸਿਆਸਤਦਾਨਾਂ, ਸਮਾਜ ਸੇਵੀਆਂ ਨੇ ਸ਼ਮੂਲੀਅਤ ਕੀਤੀ ਸੀ। ਪਾਰਟੀ ਦੀ ਹੋਂਦ ਵਿੱਚ ਆਉਣ ਤੋਂ ਬਾਅਦ ਇਸ ਪਾਰਟੀ ਨੇ ਲੋਕ ਸਭਾ ਦੀ ਚੋਣ ਲੜ੍ਹੀ ਜਿਸ ਵਿੱਚ ਖੁਦ ਪਾਰਟੀ ਸੁਪਰੀਮੋ ਸ੍ਰੀ ਅਰਵਿੰਦ ਕੇਜਰੀਵਾਲ ਨੇ ਵੀ ਚੋਣ ਲੜ੍ਹੀ ਸੀ ।ਪਰ ਸਾਰੇ ਭਾਰਤ ਵਿੱਚ ਇਕੋ ਇਕ ਪੰਜਾਬ ਹੀ ਨਿਵੇਕਲਾ ਸੂਬਾ ਸੀ ਜਿਸ ਨੇ 13 ਵਿੱਚੋਂ 4 ਸੀਟਾਂ ਜਿੱਤ ਕੇ ਇਸ ਆਮ ਆਦਮੀ ਪਾਰਟੀ ਦੀ ਝੋਲੀ ਵਿੱਚ ਪਾਈਆਂ ਸਨ ਜਦੋਂ ਕਿ ਸਾਰੇ ਭਾਰਤ ਵਿੱਚ ਇਕ ਵੀ ਸੀਟ ਆਮ ਆਦਮੀ ਪਾਰਟੀ ਨੂੰ ਨਹੀਂ ਸੀ ਮਿਲੀ, ਇਥੋਂ ਤਕ ਪਾਰਟੀ ਦੇ ਸੁਪਰੀਮੋ ਸ੍ਰੀ ਕੇਜਰੀਵਾਲ ਖੁਦ ਆਪ ਵੀ ਲੋਕ ਸਭਾ ਦੀ ਚੋਣ ਹਾਰ ਗਏ ਸਨ ।ਆਮ ਆਦਮੀ ਪਾਰਟੀ ਨੇ ਸ੍ਰੀ ਕੇਜਰੀਵਾਲ ਦੀ ਅਗਵਾਈ ਵਿੱਚ ਦਸੰਬਰ 2013 ਵਿੱਚ ਦਿੱਲੀ ਦੀਆਂ ਵਿਧਾਨ ਸਭਾ ਚੋਣਾਂ ਲੜੀਆਂ,ਜਿਸ ਵਿੱਚ ਇਸ ਪਾਰਟੀ ਨੇ 70 ਵਿੱਚੋਂ 28 ਸੀਟਾਂ ਹਾਸਲ ਕੀਤੀਆਂ ਸਨ। ਕਾਂਗਰਸ ਪਾਰਟੀ ਨੂੰ ਪਾਣੀ ਪੀ ਪੀ ਕੇ ਕੋਸਣ ਵਾਲੀ ਇਸ ਪਾਰਟੀ ਨੇ ਉਸੇ ਕਾਂਗਰਸ ਪਾਰਟੀ ਨਾਲ ਸਮਝੌਤਾ ਕਰਕੇ ਸਾਂਝੀ ਸਰਕਾਰ ਬਣਾਈ ਸੀ ਜਿਹੜੀ ਸਿਰਫ 49 ਦਿਨ ਤਕ ਹੀ ਚਲ ਸਕੀ। ਉਪਰੰਤ ਇਸ ਆਮ ਆਦਮੀ ਪਾਰਟੀ ਨੇ ਲਗਾਤਾਰ ਦੋ ਵਾਰ 2015 ਤੇ ਫਿਰ 2020 ਵਿੱਚ ਸਰਕਾਰ ਬਣਾਈ ਸੀ ਜਿਸ ਦੇ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਹੀ ਰਹੇ ਸਨ। ਹਾਲ ਹੀ ਫਰਵਰੀ 2025 ਵਿੱਚ ਹੋਈਆਂ ਦਿੱਲੀ ਵਿਧਾਨ ਸਭਾ ਚੋਣਾਂ ਵਿੱਚ ਇਸ ਪਾਰਟੀ ਨੂੰ ਭਾਰੀ ਨਿਮੋਸ਼ੀ ਦਾ ਮੂੰਹ ਵੇਖਣਾ ਪਿਆ ਜਦੋਂ ਇਹ ਪਾਰਟੀ ਸਿਰਫ 70 ਵਿੱਚੋਂ 22 ਸੀਟਾਂ ਹੀ ਜਿੱਤ ਸਕੀ ।ਇਸ ਪਾਰਟੀ ਦੇ ਰਾਜ ਭਾਗ ਦਾ ਦਿੱਲੀ ਵਿੱਚੋਂ ਭੋਗ ਪੈ ਗਿਆ। ਇਸ ਵੇਲੇ ਇਸ ਪਾਰਟੀ ਦੀ ਇਕੋ ਇਕ ਸਰਕਾਰ ਪੰਜਾਬ ਵਿੱਚ ਰਹਿ ਗਈ ਹੈ। ਜੇ ਕਰ ਇਸ ਦੇ ਕਾਰਨਾਂ ਤੇ ਪੜਚੋਲਵੀਂ ਨਜਰ ਮਾਰੀਏ ਤਾਂ ਸਪਸ਼ਟ ਝਲਕ ਪੈ ਜਾਦੀ ਹੈ ਕਿ ਸ੍ਰੀ ਕੇਜਰੀਵਾਲ ਵੀ ਹੋਰ ਪਾਰਟੀਆਂ ਦੀ ਤਰਾਂ ਆਮ ਆਦਮੀ ਪਾਰਟੀ ਨੂੰ ਵੀ 'ਇਕ ਮੈਨ ਸ਼ੋਅ' ਵਾਲੀ ਪਾਰਟੀ ਬਣਾਉਣਾ ਚਾਹੁੰਦਾ ਸੀ। ਇਸ ਨੀਤੀ ਤਹਿਤ ਇਸ ਨੇ ਕੋਈ ਲੀਡਰ ਪਾਰਟੀ ਵਿੱਚ ਰਹਿਣ ਹੀ ਨਹੀਂ ਦਿੱਤਾ ਜਿਸ ਕਿਸੇ ਨੇ ਵੀ ਉਭਰਣ ਦੀ ਕੋਸ਼ਿਸ਼ ਕੀਤੀ ਉਸ ਨੂੰ ਮੱਖਣ ਦੇ ਵਾਲ ਵਾਂਗ ਪਾਰਟੀ ਵਿੱਚੋਂ ਬਾਹਰ ਦਾ ਰਸਤਾ ਵਿਖਾ ਦਿੱਤਾ ਗਿਆ ਜਿਸ ਵਿੱਚ ਮੁਖ ਤੌਰਤੇ ਪ੍ਰਸ਼ਾਤ ਭੂਸਨ ਜਿਸ ਬਾਰੇ ਇਹ ਦਸਿਆ ਜਾਂਦਾ ਹੈ ਕਿ ਉਸ ਨੇ ਪਾਰਟੀ ਨੂੰ ਮਜਬੂਤ ਕਰਨ ਲਈ ਇਕ ਕਰੋੜ੍ਹ ਰੁਪਏ ਦਿਤੇ ਦਸੇ ਜਾਂਦੇ ਹਨ ਤੋਂ ਬਿਨਾ ਸ੍ਰੀ ਯੋਗਿੰਦਰ ਯਾਦਵ,ਸ੍ਰੀ ਕੁਮਾਰ ਵਿਸ਼ਵਾਸ਼,ਸ੍ਰੀ ਧਰਮ ਪਾਲ ਗਾਂਧੀ,ਸ੍ਰੀ ਕੰਵਰ ਸੰਧੂ,ਸ੍ਰ ਹਰਿੰਦਰ ਸਿੰਘ,ਸ੍ਰ ਹਰਵਿੰਦਰ ਸਿੰਘ ਫੂਲਕਾ, ਪੰਜਾਬ ਵਿੱਚ ਪਾਰਟੀ ਨੂੰ ਖੜਾ ਕਰਨ ਵਾਲੇ ਸ੍ਰ ਸੁੱਚਾ ਸਿੰਘ ਛੋਟੇਪੁਰ, ਸ੍ਰ ਜਸੀ ਜਸਰਾਜ,ਐਮੀ ਵਿਰਕ ਆਦਿ ਦੀ ਵੱਡੀ ਲਿਸਟ ਹੈ। ਇਥੇ ਹੀ ਬਸ ਨਹੀਂ ਬਲਕਿ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਹੇ ਜਿਨਾ ਨੇ ਬਹੁਤ ਹੀ ਸ਼ਲਾਘਾ ਯੋਗ ਕੰਮ ਕੀਤਾ ਸੀ ਬਿਨਾ ਕਿਸੇ ਦੋਸ਼ ਤੋਂ ਸ੍ਰ ਸੁਖਪਾਲ ਸਿੰਘ ਖਹਿਰਾ ਨੂੰ ਵੀ ਚਲਦਾ ਕਰ ਦਿੱਤਾ ਗਿਆ ਕਿਉਂਕਿ ਪੰਜਾਬ ਵਿੱਚ ਉਹ ਆਪਣੀ ਮਜਬੂਤ ਸ਼ਾਖ ਬਨਾ ਰਹੇ ਸਨ। ਸ੍ਰੀ ਕੇਜਰੀਵਾਲ ਨੂੰ ਪੰਜਾਬ ਵਿੱਚ ਸ੍ਰ ਭਗਵੰਤ ਸਿੰਘ ਮਾਨ ਵਰਗਾ ਅਜਿਹਾ ਆਗੂ ਮਿਲ ਗਿਆ ਜਿਸ ਦੀ ਉਨਾਂ ਨੂੰ ਲੋੜ੍ਹ ਸੀ ਜੋ ਕਿ ਅੱਖਾਂ ਮੀਚ ਕੇ ਉਨਾਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਚੱਲ ਸਕੇਗਾ। ਉਸੇ ਨੂੰ ਹੀ ਪੰਜਾਬ ਦੇ ਮੁੱਖ ਮੰਤਰੀ ਦੇ ਤੌਰਤੇ ਪੇਸ਼ ਕੀਤਾ ਗਿਆ। ਪਰ ਪੰਜਾਬ ਦੇ ਲੋਕ ਇਸ ਗੱਲ ਤੋਂ ਅਣਭਿਜ ਸਨ ਕਿ ਭਗਵੰਤ ਸਿੰਘ ਮਾਨ ਹੋਵੇਗਾ! ਜਿਨਾਂ ਚਿਰ ਆਮ ਆਦਮੀ ਪਾਰਟੀ ਦੇ ਆਗੂ ਪੰਜਾਬ ਤੋਂ ਬਾਹਰ ਦੇ ਆਗੂ ਉਦਾਹਰਣ ਵਜੋਂ ਕਦੇ ਆਪ ਸ੍ਰੀ ਕੇਜਰੀਵਾਲ , ਕਦੇ ਸ੍ਰੀ ਸਿਸ਼ੋਧੀਆ ਆਦਿ ਨੂੰ ਪੰਜਾਬ ਦੇ ਮੁੱਖ ਮੰਤਰੀ ਦੇ ਚਿਹਰੇ ਵਜੋਂ ਪੇਸ਼ ਕੀਤਾ ਜਾਂਦਾ ਰਿਹਾ ।ਪੰਜਾਬੀਆਂ ਨੇ ਆਮ ਆਦਮੀ ਪਾਰਟੀ ਨੂੰ ਕੋਈ ਹੁੰਗਾਰਾ ਨਹੀਂ ਦਿੱਤਾ। ਪਰ ਜਿਉਂ ਹੀ ਸ੍ਰ ਭਗਵੰਤ ਸਿੰਘ ਮਾਨ ਦਾ ਨਾਂ ਮੁੱਖ ਮੰਤਰੀ' ਦੇ ਨਾਂ ਵਜੋਂ ਪੇਸ਼ ਕੀਤਾ ਗਿਆ। ਉਸ ਦਾ ਅਸਰ ਇਹ ਹੋਇਆ ਕਿ 2022 ਦੀਆਂ ਪੰਜਾਬ ਦੀਆਂ ਵਿਧਾਨ ਸਭਾ ਚੋਣਾਂ ਵਿੱਚ 117 ਸੀਟਾਂ ਵਿੱਚੋਂ ਇਸ ਪਾਰਟੀ 92-94 ਸੀਟਾਂ ਜਿੱਤਾ ਕੇ ਉਨਾਂ ਦੀ ਸਰਕਾਰ ਬਣਾ ਦਿੱਤੀ ।ਪੰਜਾਬੀਆਂ ਨੇ ਬੜੀ ਜਲਦੀ ਭਾਂਪ ਲਿਆ ਕਿ ਪੰਜਾਬ ਪ੍ਰਤੀ ਉਸ ਦੀ ਭਲਾਈ ਕੀਤੇ ਜਾਣ ਦੀਆਂ ਵੱਡੀਆਂ ਵੱਡੀਆਂ ਡੀਂਗਾਂ ਮਾਰਨ ਵਾਲਾ ਸ੍ਰ ਭਗਵੰਤ ਸਿੰਘ ਮਾਨ ਦਿੱਲੀ ਵਾਲਿਆ ਦਾ ਗੁਲਾਮ ਬਣ ਜਾਵੇਗਾ ।ਇਸ ਦੀ ਪਹਿਲੀ ਮਿਸਾਲ ਉਦੋਂ ਮਿਲੀ ਜਦੋਂ ਪੰਜਾਬ ਦੇ ਰਾਜ ਸਭਾ ਮੈਂਬਰ ਬਣਾਏ ਗਏ ।ਸ੍ਰੀ ਕੇਜਰੀਵਾਲ ਨੇ ਆਪਣੇ ਦੁੰਮ ਛੱਲਿਆਂ ਨੂੰ ਇਕ ਅੱਧੇ ਨੂੰ ਛੱਡ ਕੇ ਬਾਕੀ ਸਾਰੇ ਰਾਜ ਸਭਾ ਦੇ ਮੈਂਬਰ ਬਣਾ ਲਏ ।ਪਰ ਸ੍ਰ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਨੇ ਇਸ ਦਾ ਉਜਰ ਤਕ ਨਾ ਕੀਤਾ ਜਦੋਂ ਕਿ ਪੰਜਾਬ ਦੇ ਲੋਕਾਂ ਨੇ ਇਸ ਦਾ ਸਖਤ ਵਿਰੋਧ ਕੀਤਾ ਕਿ " ਮਾਨ ਸਾਹਿਬ" ਤੁਹਾਨੂੰ ਪੰਜਾਬ ਦੇ ਲੋਕਾਂ ਨੇ ਮੁੱਖ ਮੰਤਰੀ ਬਣਾਇਆ ਹੈ ਕਿ ਨਾ ਕਿ ਦਿੱਲੀ ਵਾਲਿਆਂ ਨੇ! ਸ੍ਰ ਭਗਵੰਤ ਸਿੰਘ ਮਾਨ ਦੀ ਸਾਧੀ ਚੁੱਪੀ ਨੇ ਅੱਜ ਪੰਜਾਬ ਨੂੰ ਬਰਬਾਦੀ ਦੇ ਮੁਹਾਣੇ ਤੇ ਪਹੁੰਚਾ ਦਿੱਤਾ ਹੈ ।ਆਮ ਆਦਮੀ ਪਾਰਟੀ ਦੇ ਸੁਪਰੀਮੋ ਦੀਆਂ ਆਪ ਹੁਦਰੀਆਂ ਤੇ ਗਲਤ ਨੀਤੀਆਂ ਨੂੰ ਵੇਖਦੇ ਹੋਏ ਜਿਸ ਦਿੱਲੀ ਬਾਰੇ ਇਸ ਪਾਰਟੀ ਦੇ ਆਗੂ ਬੜੀਆਂ ਡੀਂਗਾਂ ਮਾਰਦੇ ਸਨ ਕਿ ਉਨਾਂ ਦੀ ਪਾਰਟੀ ਨੇ ਦਿੱਲੀ ਵਾਲਿਆ ਦੀ ਕਿਸਮਤ ਬਦਲ ਦਿੱਤੀ ਹੈ ਉਸੇ ਦਿੱਲੀ ਵਾਲਿਆਂ ਨੇ ਫਰਵਰੀ 2025 ਦੀਆ ਚੋਣਾਂ ਵਿੱਚ ਇਸ ਪਾਰਟੀ ਨੂੰ 22 ਸੀਟਾਂ ਜਿੱਤਾ ਕੇ ਅਤੇ ਵੱਡੀ ਹਾਰ ਦੇ ਕੇ ਉਸ ਦੀ ਔਕਾਤ ਨੂੰ ਦਸ ਦਿੱਤਾ ਹੈ। ਸ੍ਰ ਭਗਵੰਤ ਸਿੰਘ ਮਾਨ ਦੀ ਸਰਕਾਰ ਪੰਜਾਬ ਦੇ ਮਸੱਲਿਆਂ ਤੇ ਬਿਲਕੁਲ ਖਾਮੋਸ਼ ਹੈ ।ਜਿਹੜੇ ਵੱਡੇ ਵੱਡੇ ਵਾਅਦੇ ਇਨਾਂ ਨੇ ਚੋਣਾਂ ਵਿੱਚ ਪੰਜਾਬ ਦੇ ਲੋਕਾਂ ਨਾਲ ਕੀਤੇ ਸਨ ਤੇ ਜਿਹੜੇ ਸਬਜਬਾਗ ਵਿਖਾਏ ਸਨ ਸਭ ਚਕਨਾਚੂਰ ਕਰ ਦਿੱਤੇ ਗਏ ਹਨ ਇਹ ਪਾਰਟੀਆਂ ਹਰ ਪਖੋਂ ਰਵਾਇਤੀ ਪਾਰਟੀਆਂ ਨੂੰ ਵੀ ਪਿੱਛੇ ਛੱਡ ਗਈ ਹੈ ਕਿਹੜੇ ਦੋਸ਼ ਇਸ ਪਾਰਟੀ ਦੇ ਆਗੂਆਂ ਵਿੱਚ ਨਹੀਂ ਹਨ?

ਜਿਹੜੇ ਦੂਜੀਆਂ ਰਵਾਇਤੀ ਪਾਰਟੀਆਂ ਵਿੱਚ ਸਨ! ਸ੍ਰੀ ਕੇਜਰੀਵਾਲ ਵਲੋਂ ਪੰਜਾਬ ਦੇ ਧੰਨ ਦੀ ਬਰਬਾਦੀ ਦੇਸ਼ ਦੇ ਸਾਰੇ ਅਖਬਾਰਾਂ ਵਿੱਚ ਵੱਡੇ ਵੱਡੇ ਇਸ਼ਤਿਹਾਰ ਦੇ ਕੇ , ਵਿਸ਼ਾਲ ਪੱਧਰ ਦੇ ਵਿਕਾਸ ਦੇ ਹੋਰਡਿੰਗ ਬੋਰਡ ਲਗਾ ਕੇ ਕੀਤੀ ਜਾ ਰਹੀ ਹੈ ।ਇਥੇ ਹੀ ਬਸ ਨਹੀਂ ਸ੍ਰੀ ਕੇਜਰੀਵਾਲ ਨੇ ਦਿੱਲੀ ਦੇ ਲੋਕਾਂ ਵਲੋਂ ਬੁਰੀ ਤਰਾਂ ਨਕਾਰੇ ਇਸ ਪਾਰਟੀ ਦੇ ਸਾਰੇ ਆਗੂਆਂ ਨੂੰ ਪੰਜਾਬ ਵਿੱਚ ਵੱਡੇ ਵੱਡੇ ਅਹੁਦਿਆਂ ਤੇ ਨਿਵਾਜਿਆ ਗਿਆ ਹੈ ।ਪੰਜਾਬ ਦੇ ਹਰੇਕ ਮੰਤਰੀ ,ਚੀਫ ਸਕੱਤਰ , ਸਕੱਤਰਾਂ ਤੇ ਉੱਚ ਅਧਿਕਾਰੀਆਂ ਨਾਲ ਆਪਣਾ ਇਕ ਇਕ ਆਗੂ ਭਾਰੀਆਂ ਤਨਖਾਹਾਂ ਦੇ ਕੇ ਆਗੂਆਂ ਨਾਲ ਲਗਾਇਆ ਗਿਆ ।ਸ੍ਰੀ ਕੇਜਰੀਵਾਲ , ਸ੍ਰੀ ਮੁਨੀਸ ਸਿਸੋਧੀਆ ਜਿਨਾਂ ਦਾ ਪੰਜਾਬ ਨਾਲ ਕੋਈ ਵਾਹ ਵਾਸਤਾ ਨਹੀਂ ਹੈ ਉਹ ਸਾਰੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਤੋਂ ਉੱਪਰ ਦੇ ਵੱਡੇ ਲੀਡਰ ਬਣੇ ਹੋਏ ਹਨ ਜਿਸ ਵਿੱਚ ਸ੍ਰ ਭਗਵੰਤ ਸਿੰਘ ਮਾਨ ਜਿਹੜਾ ਕਿ ਸਿਰਫ ਨਾਂ ਦਾ ਮੁੱਖ ਮੰਤਰੀ ਬਣ ਕੇ ਉਹ ਅੱਗੇ ਬੌਣਾ ਬਣਿਆ ਹੋਇਆ ਜਿਵੇਂ ਉਸ ਵਿੱਚੋਂ ਪੰਜਾਬੀਆਂ ਦੀ ਗੈਰਤ ਹੀ ਖਤਮ ਹੋ ਗਈ ਹੋਵੇ ! ਸ੍ਰ ਭਗਵੰਤ ਸਿੰਘ ਮਾਨ ਦੀ ਸਰਕਾਰ ਨੇ ਪੰਜਾਬ ਦਾ ਵੱਡਾ ਸਰਮਾਇਆ ਲਗਾ ਕੇ ਸ੍ਰੀ ਕੇਜਰੀਵਾਲ ਲਈ ਹੈਲੀਪੈਡ ਬਣਾ ਕੇ ਦਿੱਤਾ ਹੋਇਆ ਹੈ ਤਾਂ ਕਿ ਹੈਲੀਕਾਪਟਰ ਨੂੰ ਜਿਥੇ ਉਹ ਜਾਣਾ ਚਾਹੁੰਦਾ ਹੈ ਜਾ ਕੇ ਪੰਜਾਬ ਨੂੰ ਖੂਬ ਕਰਜਾਈ ਕਰ ਸਕੇ। ਕਰਜਾਈ ਹੋਣਾ ਹੈ ਤਾਂ ਪੰਜਾਬ ਨੇ , ਇਨਾਂ ਦਿੱਲੀ ਵਾਲਿਆਂ ਦਾ ਕੀ ਜਾਣਾ ਹੈ? ਭਗਵੰਤ ਮਾਨ ਜੀ ਤੁਹਾਡੇ ਰਾਜ ਭਾਗ ਵਿੱਚ ਪੰਜਾਬ ਦਾ ਕੁਝ ਨਹੀਂ ਸਵਾਰਿਆ ਗਿਆ, ਹਾਂ ਦਿੱਲੀ ਵਾਲਿਆਂ ਨੇ ਜਰੂਰ ਆਪਣਾ ਬੜਾ ਕੁਝ ਸੰਵਾਰ ਲਿਆ ਹੈ । ਪੰਜਾਬ ਦੀਆ ਚੋਣਾਂ ਵਿੱਚ ਸਿਰਫ ਇਕ ਸਾਲ ਦਾ ਸਮਾਂ ਬਚਿਆ ਹੋਇਆ ਹੈ ਜੇਕਰ ਪੰਜਾਬ ਦੀ ਆਮ ਆਦਮੀ ਪਾਰਟੀ ਨੇ ਸਿਆਣਪ ਤੋਂ ਕੰਮ ਨਾ ਲਿਆ ਤਾਂ ਦੇਸ਼ ਵਿੱਚ ਇਸ ਵੇਲੇ ਇਕੋ ਇਕ ਆਮ ਆਦਮੀ ਪਾਰਟੀ ਦੀ ਸਰਕਾਰ ਬਚੀ ਹੈ ਤੇ ਉਹ ਵੀ ਨਹੀਂ ਰਹਿਣੀ ।ਹਾਂ ਜੇਕਰ ਸ੍ਰ ਭਗਵੰਤ ਸਿੰਘ ਮਾਨ ਹਾਲੇ ਵੀ ਦਲੇਰੀ ਕਰਕੇ ਕੇਜਰੀਵਾਲ ਦੀ ਚੁੰਗਲ ਵਿੱਚੋਂ ਬਾਹਰ ਨਿਕਲ ਆਉਣ ਤੇ ਪੰਜਾਬੀਆਂ ਕੋਲੋਂ ਆਪਣੀ ਗਲਤੀਆਂ ਦਾ ਅਹਿਸਾਸ ਕਰਕੇ ਚਲ ਪੈਣ ਤਾਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਲਾਭਕਾਰੀ ਨਤੀਜੇ ਦਿਤੇ ਜਾ ਸਕਦੇ ਹਨ। ਇਸ ਵੇਲੇ ਪੰਜਾਬ ਦੀਆਂ ਸਾਰੀਆਂ ਰਾਜਨੀਤਕ ਪਾਰਟੀਆਂ ਕੀ ਕਾਂਗਰਸ ,ਕੀ ਅਕਾਲੀ ਸਭ ਆਪਸ ਵਿੱਚ ਖੱਖੜੀਆਂ ਖੱਖੜੀਆਂ ਹੋਏ ਹੋਏ ਹਨ ।ਪੰਜਾਬ ਵਿੱਚ ਭਾਜਪਾ ਲੱਖ ਯਤਨ ਕਰਨ ਦੇ ਅੱਗੇ ਨਹੀਂ ਆ ਸਕਦੀ । ਸ੍ਰ ਭਗਵੰਤ ਸਿੰਘ ਮਾਨ ਕੋਲ ਹਾਲੇ ਵੀ ਸੁਨਹਿਰੀ ਮੌਕਾ ਬਚਿਆ ਹੈ ।ਜੇਕਰ ਉਸ ਨੇ ਆਪਣੀ ਹੋਂਦ ਨੂੰ ਬਚਾਉਣਾ ਹੈ ਤਾਂ ਉਸ ਨੂੰ ਸ੍ਰੀ ਕੇਜਰੀਵਾਲ ਤੋਂ ਨਮਸਕਾਰ ਕਰਨੀ ਪੈਣੀ ਹੈ ਉਸ ਕੋਲ ਹੋਰ ਕੋਈ ਰਸਤਾ ਨਹੀਂ ਬਚਿਆ ਹੈ। ਪੰਜਾਬ ਨੂੰ ਪਿਆਰ ਕਰਨ ਵਾਲੇ,ਈਮਾਨਦਾਰ ,ਨਿਰਸੁਆਰਥ ਸੇਵਾ ਮੁਕਤ ਆਈ ਏ ਐਸ ਅਤੇ ਆਈ ਪੀ ਐਸ ਅਧਿਕਾਰੀਆਂ ਤੋਂ ਬਿਨਾ ਇਸ ਵਿੱਚ ਦੂਸਰੀਆਂ ਰਾਜਨੀਤਕ ਪਾਰਟੀਆਂ ਦੇ ਈਮਾਨਦਾਰ ਤੇ ਸਮਾਜ ਸੇਵੀ ਆਗੂਆਂ ਨੂੰ ਵੀ ਸ਼ਾਮਲ ਕਰਕੇ ਕਿਸੇ ਨਵੀਂ ਪਾਰਟੀ ਦਾ ਗੰਠਨ ਕਰ ਲਿਆ ਜਾਵੇ। ਇਨਾਂ ਦੇ ਦਿਸ਼ਾ ਨਿਰਦੇਸ਼ਣਾ ਤੇ ਪੰਜਾਬ ਦੇ ਰਹਿੰਦੇ ਰਾਜ ਕਾਲ ਵਿੱਚ ਪੰਜਾਬ ਦੇ ਲੋਕਾਂ ਦੇ ਜੋ ਵੱਧ ਤੋਂ ਵੱਧ ਕੰਮ ਕੀਤੇ ਜਾ ਸਕਦੇ ਹਨ ।ਉਨਾਂ ਨੂੰ ਕਰਕੇ ਆਪਣਾ ਅਧਾਰ ਬਣਾਉਣ । ਇਸੇ ਸਰਬ ਉਚ ਬਣਾਈ ਕਮੇਟੀ ਦੀ ਅਗਵਾਈ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਲੜਾਈਆਂ ਜਾਣ ਤਾਂ ਹੀ ਕਿਹਾ ਜਾ ਸਕਦਾ ਹੈ ਕਿ ਇਸ ਦੇ ਜਰੂਰ ਲਾਭਕਾਰੀ ਨਤੀਜੇ ਨਿਕਲ ਸਕਦੇ ਹਨ ।ਆਸ ਹੈ ਕਿ ਸ੍ਰ ਭਗਵੰਤ ਸਿੰਘ ਮਾਨ ਇਸ ਤੇ ਗੋਰ ਨਾਲ ਸੋਚ ਵਿਚਾਰ ਕਰਨਗੇ ਨਹੀਂ ਤਾਂ ਕੰਧ ਤੇ ਲਿਖਿਆ ਪੜ੍ਹ ਲੈਣਾ ਚਾਹੀਦਾ ਹੈ ਕਿ ਜਿਸ ਤਰਾਂ ਦੇ ਹਾਲਾਤ ਪੰਜਾਬ ਦੇ ਸ੍ਰੀ ਕੇਜਰੀਵਾਲ ਨੇ ਬਣਾ ਦਿਤੇ ਹਨ ਇਸ ਪਾਰਟੀ ਨੂੰ ਪੰਜਾਬ ਵਿੱਚ ਕੋਈ ਨਹੀਂ ਬਚਾ ਸਕਦਾ।

PERSONAL CONTACT NOTICE

To,
Rupinder Kaur, daughter of Late Harbans Singh Sandhu
If you are reading this notice, please contact Rajdeep Singh regarding an important personal matter.
You may contact me at:Phone: 669-290-3084
Email: Rajdeepsinghpooni72@gmail.com
This notice is published solely to request contact.

Information in Public Interest

To listen to Dr.Gurdip Singh Sandhu health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

# SUNSHINE AUTO CARE INC.

WE REPAIR ALL MAKES & MODELS. AUTO, DIESEL TRUCK & TRAILERS

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español
We Speak English, Spanish & Punjabi


We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA MasterCard AMERICAN EXPRESS DISCOVER NETWORK






1003 Moffat Blvd,
Manteca CA 95336

209-239-1551

Chevron
# TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ ਪੰਜਾਬੀ ਰੈਸਟੋਰੈਂਟ ਵੀ ਹੈ ਅਤੇ ਹਰ ਵੇਲੇ ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668

# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348

# JRP REALTY GROUP

A TRADITION OF REAL ESTATE EXCELLENCE

**SERVING CALIFORNIA FOR COMMERCIAL REAL ESTATE NEEDS**




Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS

**Jaswant S.Pannu**
Office: 209-900-1994
Cell: 408-340-0157
jaswantpannu@yahoo.com

**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.





**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ


- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



Apply online at www.lendingassets.com and check out the live lowest rates on our website

# ਸ੍ਰੀ ਗੁਰੂ ਰਵਿਦਾਸ ਟੈਂਪਲ (ਕੈਲੀਫ਼ੋਰਨੀਆ)




## ਗੁਰਪੁਰਬ ਸ੍ਰੀ ਗੁਰੂ ਰਵਿਦਾਸ ਜੀ

30 ਜਨਵਰੀ – 1 ਫ਼ਰਵਰੀ, 2026

### ਸ੍ਰੀ ਗੁਰੂ ਰਵਿਦਾਸ ਟੈਂਪਲ ਕੈਲੀਫ਼ੋਰਨੀਆ, ਪਿਟਸਬਰਗ ਵੱਲੋਂ

ਸਤਿਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਉਤਸਵ ਦੀ ਖੁਸ਼ੀ ਵਿੱਚ ਐਤਵਾਰ, 1 ਫ਼ਰਵਰੀ 2026 ਨੂੰ ਗੁਰਦੁਆਰਾ ਸਾਹਿਬ ਵਿੱਚ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਸਮਾਗਮ ਕਰਵਾਇਆ ਜਾ ਰਿਹਾ ਹੈ :

## ਪ੍ਰੋਗਰਾਮ ਦੀ ਵੇਰਵਾ

| ਅਰੰਭ ਸ੍ਰੀ ਅਖੰਡ ਪਾਠ ਸਾਹਿਬ | ਨਿਸ਼ਾਨ ਸਾਹਿਬ ਦੀ ਸੇਵਾ | ਭੋਗ ਸ੍ਰੀ ਅਖੰਡ ਪਾਠ ਸਾਹਿਬ | ਕੀਰਤਨ ਦੀਵਾਨ |
|---|---|---|---|
| 30 ਜਨਵਰੀ 2026 (ਸ਼ੁੱਕਰਵਾਰ) ਸਵੇਰੇ 9:30 ਵਜੇ | 31 ਜਨਵਰੀ 2026 (ਸ਼ਨੀਚਰਵਾਰ) ਸਵੇਰੇ 11:00 ਵਜੇ | 1 ਫ਼ਰਵਰੀ 2026 (ਐਤਵਾਰ) ਸਵੇਰੇ 9:30 ਵਜੇ | ਭੋਗ ਉਪਰਾਂਤ ਦੁਪਹਿਰ 2:00 ਵਜੇ ਤੱਕ |

ਸਾਧ ਸੰਗਤ ਵੱਲੋਂ ਇਸ ਸਮਾਗਮ ਦੌਰਾਨ ਲੰਗਰ, ਪਾਠ ਅਤੇ ਪਰਸ਼ਾਦ ਦੀ ਸੇਵਾ ਕੀਤੀ ਜਾਵੇਗੀ।


ਗਿਆਨੀ ਬਲਵਿੰਦਰ ਸਿੰਘ


ਭਾਈ ਸੁਖਵਿੰਦਰ ਸਿੰਘ ਰਾਜੂ (ਹਜ਼ੂਰੀ ਰਾਗੀ)


ਗਿਆਨੀ ਨਿਸ਼ਾਨ ਸਿੰਘ ਦੇ ਜਥੇ

ਗੁਰੂ ਕਾ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕਰਨਗੇ।

### ਹੈਲਥ ਕੈਂਪ :

1 ਫ਼ਰਵਰੀ 2026 ਨੂੰ ਗੁਰਦੁਆਰਾ ਸਾਹਿਬ ਵਿੱਚ ਹੈਲਥ ਕੈਂਪ ਲਗਾਇਆ ਜਾਵੇਗਾ।
4 ਡਾਕਟਰ ਇਸ ਸੇਵਾ ਲਈ ਪਹੁੰਚ ਰਹੇ ਹਨ।
ਸਮਾਂ: ਸਵੇਰੇ 10:30 ਵਜੇ ਤੋਂ ਦੁਪਹਿਰ 1:30 ਵਜੇ ਤੱਕ

### ਸਟਾਲਾਂ ਜਾਂ ਹੋਰ ਸੇਵਾਵਾਂ ਲਈ ਸੰਪਰਕ ਕਰੋ :

ਪ੍ਰਧਾਨ: ਵਿਨੋਦ ਕੁਮਾਰ – (408) 718-2506 ਜਨਰਲ ਸਕੱਤਰ: ਸੁਨੀਤਾ ਸਿੰਘ – (415) 233-3319

ਸਾਰੀ ਸੰਗਤ ਨੂੰ ਪਰਿਵਾਰ ਅਤੇ ਦੋਸਤਾਂ ਸਮੇਤ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਅਤੇ ਸਤਿਗੁਰੂ ਰਵਿਦਾਸ ਜੀ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕਰਨ ਦੀ ਨਿਮਰ ਬੇਨਤੀ ਹੈ।

ਸੰਗਤ ਸੇਵਾਦਾਰ : ਪ੍ਰਧਾਨ : ਵਿਨੋਦ ਕੁਮਾਰ : ਜਨਰਲ ਸਕੱਤਰ : ਸੁਨੀਤਾ ਸਿੰਘ ਖ਼ਜ਼ਾਨਚੀ : ਜਸਵੀਰ ਚਾਹਲ

Address : 2150 Crestview Dr, Pittsburg, CA 94565, United States

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿਂਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੀਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਿਆਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਿਰਾਇਆ + 7-9% ਵਾਧਾ | ਨਿਯਮਿਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਿਰਾਇਆ + 6-8% ਵਾਧਾ | ਸੁਰੱਖਿਅਤ ਨਿਵੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵਿੱਖ ਨੂੰ ਸੁਰੱਖਿਅਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**


ONLY WAY TO GROW YOUR BUSINESS FASTER
BNG
(Business Network Gateway)
We work for you to
Boost Your Business
VIDEO
ADVERTISEMENTS
We make professional video advertisements for your business in Punjabi, Hindi & English
Video Advertising
POSTERS
DESIGN
We design flyers, Posters and
Post Cards to promote your business
Positive Vibes
BUSINESS CARD
DESIGN
WE DESIGN YOUR
BUSINESS CARD
COMPANY NAME
COMPANY
SOCIAL MEDIA
HANDLERS
We can manage your Business social media handlers Facebook, instagram & YouTube
24/7 TECH
SUPPORT
We provide 24/7 tech support
CUSTOMER SERVICE
For more information call
Boota Singh Basi +1 (209) 303-1260

# ਲੀਗਲ ਮੈਟਰੋਲੌਜੀ ਵਿੰਗ ਨੇ ਸਾਲ 2025 ਦੌਰਾਨ ਅਪ੍ਰੈਲ ਤੋਂ ਦਸੰਬਰ ਤੱਕ 1.40 ਕਰੋੜ ਰੁਪਏ ਦੀ ਕੀਤੀ ਕਮਾਈ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ, ਪੰਜਾਬ ਦੇ ਕਾਨੂੰਨੀ ਮੈਟਰੋਲੌਜੀ ਵਿੰਗ ਦੀ ਕਾਰਗੁਜ਼ਾਰੀ ਵਿੱਚ ਸਾਲ 2024-25 ਦੇ ਮੁਕਾਬਲੇ ਅਪ੍ਰੈਲ ਤੋਂ ਦਸੰਬਰ 2025 ਤੱਕ ਉਗਰਾਹੀ ਗਈ ਕੰਪਾਊਂਡਿੰਗ ਫੀਸ, ਨਿਰੀਖਣ ਅਤੇ ਕੀਤੀਆਂ ਗਈਆਂ ਤਸਦੀਕਾਂ ਆਦਿ ਵਰਗੇ ਕਈ ਮਾਪਦੰਡਾਂ ਦੇ ਆਧਾਰ 'ਤੇ ਵਾਧਾ ਦਰਜ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਲੀਗਲ ਮੈਟਰੋਲੌਜੀ ਵਿੰਗ ਨੇ 2025-26 ਵਿੱਚ 1.40 ਕਰੋੜ ਰੁਪਏ ਦੀਆਂ ਕੰਪਾਊਂਡਿੰਗ ਫੀਸਾਂ ਇਕੱਤਰ ਕੀਤੀਆਂ, ਜਦੋਂ ਕਿ ਸਾਲ 2024-25 ਵਿੱਚ ਇਸੇ ਮਿਆਦ ਦੌਰਾਨ ਵਿੰਗ ਨੇ 1 ਕਰੋੜ ਰੁਪਏ ਤੋਂ ਥੋੜ੍ਹੀ ਵੱਧ ਰਾਸ਼ੀ ਇਕੱਤਰ ਕੀਤੀ ਸੀ। ਇਸ ਤਰ੍ਹਾਂ ਵਿੰਗ ਨੇ 2025-26 ਵਿੱਚ 22133 ਨਿਰੀਖਣ ਕੀਤੇ ਜਦੋਂ ਕਿ 2024-25 ਦੌਰਾਨ ਨਿਰੀਖਣਾਂ ਦਾ ਅੰਕੜਾ 18419 ਸੀ। ਇਸ ਤੋਂ ਇਲਾਵਾ 2025-26 ਵਿੱਚ ਵਿੰਗ ਨੇ 2230 ਚਲਾਨ ਕੀਤੇ ਜਦਕਿ 2024-25 ਦੌਰਾਨ ਕੱਟੇ ਗਏ ਕੁੱਲ ਚਲਾਨਾਂ ਦੀ ਗਿਣਤੀ 1397 ਸੀ ।ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਵਿਭਾਗ ਦੇ ਅਧਿਕਾਰੀਆਂ ਵੱਲੋਂ ਕੀਤੀ ਸਖ਼ਤ ਮਿਹਨਤ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਭਵਿੱਖ ਵਿੱਚ ਹੋਰ ਵੀ ਜੋਸ਼ ਅਤੇ ਸਮਰਪਣ ਨਾਲ ਕੰਮ ਕਰਨ ਲਈ ਕਿਹਾ ਹੈ। ਜ਼ਿਕਰਯੋਗ ਹੈ ਕਿ ਵਿੰਗ ਕੋਲ ਅੰਮ੍ਰਿਤਸਰ, ਲੁਧਿਆਣਾ, ਜਲੰਧਰ ਅਤੇ ਪਟਿਆਲਾ ਵਿਖੇ ਵਿਭਾਗ ਦੀ ਮਾਲਕੀ ਵਾਲੀਆਂ ਮਿਆਰੀ ਲੈਬਾਰੇਟਰੀਆਂ ਹਨ, ਜਦੋਂ ਕਿ ਸਰਹਿੰਦ ਅਤੇ ਖੰਨਾ ਵਿਖੇ ਨਵੀਆਂ ਲੈਬਾਰੇਟਰੀਆਂ ਬਣਾਉਣ ਦੀ ਯੋਜਨਾ ਹੈ। ਲੀਗਲ ਮੈਟਰੋਲੋਜੀ ਵਿੰਗ ਦਾ ਮੁੱਖ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਵੇਚੇ ਅਤੇ ਖ਼ਰੀਦੇ ਗਏ ਸਮਾਨ ਦੀ ਅਸਲ ਮਾਤਰਾ ਅਤੇ ਮਿਕਦਾਰ ਅਨੁਸਾਰ ਸਹੀ-ਤੇ-ਦਰੁਸਤ ਹੋਵੇ ਤਾਂ ਜੋ ਖਪਤਕਾਰਾਂ ਦੇ ਹਿੱਤਾਂ ਦੀ ਰਾਖੀ ਕੀਤੀ ਜਾ ਸਕੇ।

# ਮਾਣ ਧੀਆਂ 'ਤੇ ਸੋਸਾਇਟੀ ਵੱਲੋਂ ਕੌਮੀਂ ਬਾਲੜੀ ਦਿਵਸ ਮੌਕੇ 24 ਬੇਟੀਆਂ ਦਾ ਸਨਮਾਨ 24 ਨੂੰ

ਅੰਮ੍ਰਿਤਸਰ
ਧੈਰਿਆ ਮਹਿਰਾ

ਜਿਲ੍ਹਾ ਅੰਮ੍ਰਿਤਸਰ ਦੇ ਸਕੂਲ ਮੁੱਖੀਆਂ,ਸਮਾਜ ਸੇਵੀਆ, ਖੇਡ ਪ੍ਰੇਮੀਆਂ ਅਤੇ ਹੋਰ ਪ੍ਰਸਿੱਧ ਸਖ਼ਸ਼ੀਅਤਾਂ ਨੂੰ ਇਕ ਮੰਚ 'ਤੇ ਖੜ੍ਹੇ ਕਰ ਕੇ ਪਿੱਛਲੇ ਡੇਢ ਦਹਾਕੇ ਤੋਂ ਭਰੂਣ ਹੱਤਿਆ ਖ਼ਿਲਾਫ਼ ਅਤੇ ਬੇਟੀ ਬਚਾਓ,ਬੇਟੀ ਪੜ੍ਹਾਓ, ਮੁਹਿੰਮ ਤਹਿਤ ਮਹਿਲਾਵਾਂ ਅਤੇ ਧੀਆਂ ਦੇ ਹੱਕ 'ਚ ਹਾਅ ਦਾ ਨਾਅਰਾ ਮਾਰਨ ਵਾਲੀ ਅਤੇ ਸਮਾਜ ਸੇਵਾ ਦੇ ਖੇਤਰ 'ਚ ਵਿਲੱਖਣ ਪਛਾਣ ਬਣਾ ਕੇ ਏਸ਼ੀਆ ਅਤੇ ਇੰਡੀਆ ਬੁੱਕ ਵਿਚ ਨਾਂਅ ਦਰਜ ਕਰਵਾਉਣ ਤੋਂ ਇਲਾਵਾ ਕਈ ਕੌਮੀ,ਰਾਜ ਅਤੇ ਜ਼ਿਲ੍ਹਾ ਪੱਧਰੀ ਐਵਾਰਡ ਪ੍ਰਾਪਤ ਕਰਨ ਵਾਲੀ ਪੰਜਾਬ ਦੀ ਨਾਮਵਰ ਸਮਾਜ ਸੇਵੀ ਸੰਸਥਾ "ਮਾਣ ਧੀਆਂ 'ਤੇ" ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਪ੍ਰਸਿੱਧ ਸਮਾਜ ਸੇਵਕ ਅਤੇ ਖੇਡ ਪ੍ਰੋਮੋਟਰ) ਵਧੇਰੇ ਜਾਣਕਾਰੀ ਦਿੰਦਿਆਂ ਕਿਹਾ ਕੇ 24 ਜਨਵਰੀ ਨੂੰ ਕੌਮੀਂ ਬਾਲੜੀ ਦਿਵਸ ਮੌਕੇ ਪ੍ਰਭਾਕਰ ਸੀਨੀਅਰ ਸੈਕੰਡਰੀ ਸਕੂਲ,ਛੇਹਰਟਾ ਦੇ ਹਾਲ ਵਿਖ਼ੇ ਹੋਣ ਵਾਲੇ ਸਨਮਾਨ ਸਮਾਰੋਹ ਵਿੱਚ ਵਿਦਿਆ ਦੇ ਖ਼ੇਤਰ ਵਿੱਚ ਬੇਹਤਰੀਨ ਪ੍ਰਦਰਸ਼ਨ ਕਰਨ ਵਾਲੀਆਂ 24 ਹੋਣਹਾਰ ਬੇਟੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ ।ਇਸ ਸਮਾਰੋਹ ਨੂੰ ਸਫ਼ਲਤਾ ਪੂਰਵਕ ਨੇਪਰੇ ਚਾੜ੍ਹਨ ਲਈ ਪੀਸੀਐਸ ਰਾਜੇਸ਼ ਸ਼ਰਮਾ,ਹਰਦੇਸ਼ ਸ਼ਰਮਾ, ਮਖਤੂਲ ਸਿੰਘ ਔਲਖ,ਐਡਵੋਕੇਟ ਅਜੈ ਕੁਮਾਰ ਵਰਮਾਨੀ,ਨਿਰਵੈਰ ਸਿੰਘ ਸਰਕਾਰੀਆ,ਪ੍ਰਿੰ. ਰਾਜੇਸ਼ ਪ੍ਰਭਾਕਰ,ਵਰਿੰਦਰ ਚਾਵਲਾ,ਮਨਪ੍ਰੀਤ ਕੌਰ, ਮੰਗਲ ਸਿੰਘ ਕਿਸ਼ਨਪੂਰੀ, ਡਾਇਰੈਕਟਰ ਰਣਜੀਤ ਕੌਰ ਸੰਧੂ, ਪ੍ਰਿੰ.ਅਮਰਜੀਤ ਕੌਰ, ਪ੍ਰਿੰ.ਮਨੀਸ਼ਾ ਧੰਨੁਕਾ ਪ੍ਰਿੰ. ਪਰਮਜੀਤ ਕੌਰ,ਵਸੁੰਧਰਾ ਬਾਂਸਲ,ਪ੍ਰਿੰ.ਪੂਜਾ ਪ੍ਰਭਾਕਰ, ਪ੍ਰਿੰ. ਅਨੀਤਾ ਬੱਤਰਾ, ਨਵਦੀਪ ਸਿੰਘ,ਪ੍ਰਿੰ. ਸੰਦੀਪ ਕੌਰ,ਗੁਰਵਿੰਦਰ ਸਿੰਘ ਢਿੱਲੋਂ,ਗੁਰਦੇਵ ਸਿੰਘ ਮਾਹਲ, ਕੰਵਲਜੀਤ ਕੌਰ ਟੀਨਾ,ਸੀਮਾ ਚੋਪੜਾ,ਨਰਿੰਦਰ ਕੌਰ, ਕਰਮਜੀਤ ਕੌਰ ਜੱਸਲ, ਪਰਮਿੰਦਰ ਕੌਰ,ਵੀਨਾ



ਮੱਟੂ ਦਾ ਵਿਸ਼ੇਸ ਸਹਿਯੋਗ ਰਹੇਗਾ।

# ਸੈਕੰਡ ਲੇਡੀ ਊਸ਼ਾ ਵੈਂਸ ਜੁਲਾਈ ਵਿੱਚ ਦੇਵੇਗੀ ਆਪਣੇ ਚੌਥੇ ਬੱਚੇ ਨੂੰ ਜਨਮ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ



ਉੱਪ ਰਾਸ਼ਟਰਪਤੀ ਜੇ ਡੀ ਵੈਂਸ ਦੀ ਪਤਨੀ ਊਸ਼ਾ ਵੈਂਸ ਗਰਭਵਤੀ ਹੈ ਤੇ ਉਹ ਗਰਮੀਆਂ ਵਿੱਚ ਆਪਣੇ ਚੌਥੇ ਬੱਚੇ ਨੂੰ ਜਨਮ ਦੇਵੇਗੀ। ਪਤੀ-ਪਤਨੀ ਨੇ ਸੋਸ਼ਲ ਮੀਡੀਆ ਉਪਰ ਪੋਸਟ ਕੀਤੇ ਸਾਂਝੇ ਬਿਆਨ ਵਿੱਚ ਕਿਹਾ ਹੈ ਕਿ ਅਸੀਂ ਇਹ ਖਬਰ ਸਾਂਝੀ ਕਰਦਿਆਂ ਬਹੁਤ ਉਤਸੁਕ ਹਾਂ ਕਿ ਊਸ਼ਾ ਗਰਭਵਤੀ ਹੈ ਤੇ ਉਹ ਜੁਲਾਈ ਦੇ ਅੰਤ ਵਿੱਚ ਆਪਣੇ ਚੌਥੇ ਬੱਚੇ ਜੋ ਕਿ ਮੁੰਡਾ ਹੈ, ਨੂੰ ਜਨਮ ਦੇਵੇਗੀ। ਵੈਂਸ ਜੋੜੀ ਦੇ ਪਹਿਲਾਂ 3 ਬੱਚੇ ਈਵਾਨ, ਵਿਵੇਕ ਤੇ ਮੀਰਾਬੈਲ ਹਨ ਜੋ ਅਕਸਰ ਯਾਤਰਾ ਦੌਰਾਨ ਉਨਾਂ ਨਾਲ ਰਹਿੰਦੇ ਹਨ। ਬਿਆਨ ਵਿੱਚ ਫੌਜ ਦੇ ਡਾਕਟਰਾਂ ਤੇ ਆਪਣੇ ਸਟਾਫ ਦਾ ਧੰਨਵਾਦ ਕੀਤਾ ਹੈ ਜੋ ਊਸ਼ਾ ਵੈਂਸ ਤੇ ਬੱਚੇ ਦੀ ਚੰਗੀ ਤਰਾਂ ਦੇਖ ਭਾਲ ਕਰ ਰਹੇ ਹਨ। ਜਿਕਰਯੋਗ ਹੈ ਕਿ ਵੈਂਸ ਦੇ ਉੱਪ ਰਾਸ਼ਟਰਪਤੀ ਬਣਨ ਉਪਰੰਤ 40 ਸਾਲਾ ਊਸ਼ਾ ਵੈਂਸ ਨੇ ਹਾਈ ਪ੍ਰੋਫਾਈਲ ਪਬਲਿਕ ਵਕੀਲ ਵਜੋਂ ਆਪਣੀ ਨੌਕਰੀ ਛੱਡ ਦਿੱਤੀ ਸੀ।

# ਐਸ.ਸੀ ਕਮਿਸ਼ਨ ਵੱਲੋਂ ਡੀਡੀਪੀਓ ਸੰਗਰੂਰ ਤਲਬ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਇਕ ਮਾਮਲੇ ਵਿਚ ਕਾਰਵਾਈ ਕਰਦਿਆਂ ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਸੰਗਰੂਰ (ਡੀ.ਡੀ.ਪੀ.ਓ.) ਨੂੰ ਕਮਿਸ਼ਨ ਅੱਗੇ ਪੇਸ਼ ਹੋਣ ਲਈ ਤਲਬ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਕਮਿਸ਼ਨ ਨੂੰ ਜਗਵਿੰਦਰ ਸਿੰਘ ਪੁੱਤਰ ਜਰਨੈਲ ਸਿੰਘ, ਵਾਸੀ ਪਿੰਡ ਬਖਤੜੀ, ਤਹਿਸੀਲ ਭਵਾਨੀਗੜ੍ਹ, ਜਿਲ੍ਹਾ ਸੰਗਰੂਰ ਵੱਲੋਂ ਸ਼ਿਕਾਇਤ ਪ੍ਰਾਪਤ ਹੋਈ ਸੀ। ਜਿਸ ਸਬੰਧੀ ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ ਸੰਗਰੂਰ (ਡੀ.ਡੀ.ਪੀ.ਓ.) ਨੂੰ ਪੜਤਾਲ ਸਬੰਧੀ 20 ਜਨਵਰੀ, 2026 ਨੂੰ ਕਮਿਸ਼ਨ ਵਿਚ ਪੇਸ਼ ਹੋਣ ਲਈ ਕਿਹਾ ਗਿਆ ਸੀ, ਪ੍ਰੰਤੂ ਇਸ ਨਿਸ਼ਚਿਤ ਮਿਤੀ ਤੇ ਵਿਭਾਗ ਦਾ ਕੋਈ ਵੀ ਨੁਮਾਇੰਦਾ ਹਾਜਰ ਨਹੀਂ ਹੋਇਆ, ਇਸ ਲਈ ਕਮਿਸ਼ਨ ਨੇ ਹੁਕਮ ਦਿੱਤਾ ਹੈ ਕਿ ਨਿਸਚਿਤ ਮਿਤੀ 30-01-2026 ਨੂੰ ਸ੍ਰੀ ਜਸਵਿੰਦਰ ਸਿੰਘ ਬੱਗਾ ਡੀ.ਡੀ.ਪੀ.ਓ. ਨੂੰ ਕਮਿਸ਼ਨ ਦਫਤਰ ਵਿਖੇ ਨਿੱਜੀ ਪੱਧਰ ਤੇ ਹਾਜਰ ਹੋਣ ਲਈ ਤਲਬ ਕੀਤਾ ਗਿਆ ਹੈ।

# ਮਮਤਾ ਰਾਣੀ (ਪੀਟੀਆਈ) ਦਾ ਜੱਸੀ ਢੱਲ ਮੈਮੋਰੀਅਲ ਸਪੋਰਟਸ ਕਲੱਬ (ਰਜਿ.) ਵੱਲੋਂ ਕੀਤਾ ਗਿਆ ਸਨਮਾਨ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਜੱਸੀ ਢੱਲ ਮੈਮੋਰੀਅਲ ਸਪੋਰਟਸ ਕਲੱਬ (ਰਜਿ.) ਵੱਲੋਂ ਤੀਜੀ ਜੱਸੀ ਢੱਲ ਮੈਮੋਰੀਅਲ ਬੇਸਬਾਲ ਚੈਂਪੀਅਨਸ਼ਿਪ ਸ.ਕੋ.ਐੱਡ ਮਲਟੀਪਰਪਜ਼ ਸੀਨੀਅਰ ਸੈਕੰਡਰੀ ਸਕੂਲ ਪਾਸੀ ਰੋਡ ਪਟਿਆਲਾ ਵਿਖੇ ਕਰਵਾਈ ਗਈ। ਇਸ ਚੈਂਪੀਅਨਸ਼ਿਪ ਵਿੱਚ ਭਾਰਤ ਦੇ ਦੇ ਵੱਖ ਵੱਖ ਸਥਾਨਾਂ ਤੋਂ ਟੀਮਾਂ ਨੇ ਭਾਗ ਲਿਆ। ਇਸ ਚੈਂਪੀਅਨਸ਼ਿਪ ਦਾ ਹਰ ਮੈਚ ਬਹੁਤ ਹੀ ਰੋਮਾਂਚਕ ਰਿਹਾ ਅਤੇ ਦਰਸ਼ਕਾਂ ਵਿੱਚ ਵੀ ਇਸ ਚੈਂਪੀਅਨਸ਼ਿਪ ਨੂੰ ਵੇਖਣ ਦਾ ਬਹੁਤ ਉਤਸ਼ਾਹ ਰਿਹਾ। ਇਸ ਚੈਂਪੀਅਨਸ਼ਿਪ ਦੌਰਾਨ ਸ੍ਰੀਮਤੀ ਮਮਤਾ ਰਾਣੀ ਜੀ (ਪੀ.ਟੀ.ਆਈ., ਸਰਕਾਰੀ ਮਿਡਲ ਸਕੂਲ ਖੇੜੀ ਗੁੱਜਰਾਂ, ਪਟਿਆਲਾ) ਵਿਸ਼ੇਸ਼ ਤੌਰ ਤੇ ਪਹੁੰਚੇ। ਚੈਂਪੀਅਨਸ਼ਿਪ ਦੇ ਪ੍ਰਬੰਧਕਾਂ ਅਤੇ ਭਗਵਾਨ ਦਾਸ ਜੁਨੇਜਾ ਵੱਲੋਂ ਮਮਤਾ ਰਾਣੀ ਦਾ ਚੈਂਪੀਅਨਸ਼ਿਪ ਵਿੱਚ ਪਹੁੰਚਣ ਤੇ ਸਨਮਾਨ ਕੀਤਾ ਗਿਆ। ਮਮਤਾ ਰਾਣੀ ਨੇ ਕਿਹਾ ਕਿ ਉਹਨਾਂ ਨੂੰ ਇਹ ਸਨਮਾਨ ਪ੍ਰਾਪਤ ਕਰਕੇ ਬਹੁਤ ਮਾਣ ਮਹਿਸੂਸ ਹੋ ਰਿਹਾ ਹੈ। ਮਮਤਾ ਰਾਣੀ ਨੇ ਕਿਹਾ ਕਿ ਇਹ ਚੈਂਪੀਅਨਸ਼ਿਪ ਬੇਸਬਾਲ ਨੂੰ ਭਾਰਤ ਵਿੱਚ ਨਵੀਆਂ ਉਚਾਈਆਂ ਤੇ ਲੈ ਕੇ ਜਾਵੇਗੀ। ਮਮਤਾ ਰਾਣੀ ਨੇ ਦੱਸਿਆ ਕਿ ਚੈਂਪੀਅਨਸ਼ਿਪ ਦੇ ਪ੍ਰਬੰਧ ਬਹੁਤ ਹੀ ਉੱਚੇ ਦਰਜੇ ਦੇ ਹਨ ਅਤੇ ਖਿਡਾਰੀਆਂ ਦੀ ਹਰ ਸਹੂਲਤ ਦਾ ਧਿਆਨ ਰੱਖਿਆ ਗਿਆ ਹੈ। ਇਸ ਮੌਕੇ ਤੇ ਹਰੀਸ਼ ਸਿੰਘ, ਯਾਦਵਿੰਦਰ ਸਿੰਘ ਵਾਲੀਆ, ਵਿਕਰਮ ਸਿੰਘ, ਮਨਪ੍ਰੀਤ ਸਿੰਘ, ਗੁਰਜੀਤ ਸਿੰਘ, ਕੁਲਦੀਪ ਕੌਰ, ਮਨਦੀਪ ਸਿੰਘ, ਦੀਪਇੰਦਰ ਸਿੰਘ, ਜਸਵਿੰਦਰ ਸਿੰਘ ਅਤੇ ਹੋਰ ਕੋਚ ਮੌਜੂਦ ਸਨ ।

# ਟਰੰਪ ਦੇ ਜਹਾਜ਼ 'ਚ ਆਈ ਤਕਨੀਕੀ ਖਰਾਬੀ ਉਡਾਣ ਦੇ ਵਿਚਕਾਰ ਹੀ ਵਾਪਸ ਪਰਤਿਆ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦਾ ਜਹਾਜ਼ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਵਾਸ਼ਿੰਗਟਨ 'ਚ ਵਾਪਸ ਲੈਂਡ ਕੀਤਾ। ਟਰੰਪ ਜਹਾਜ਼ 'ਚ ਵਾਸ਼ਿੰਗਟਨ ਤੋਂ ਦਾਵੋਸ (ਸਵਿਟਜ਼ਰਲੈਂਡ) ਜਾ ਰਹੇ ਸਨ। ਵ੍ਹਾਈਟ ਹਾਊਸ ਦੇ ਅਨੁਸਾਰ, ਜਹਾਜ਼ ਵਿੱਚ ਤਕਨੀਕੀ ਖਰਾਬੀ ਆਈ ਸੀ। ਪ੍ਰੈਸ ਸਕੱਤਰ ਕੈਰੋਲੀਨ ਲੇਵਿਟ ਨੇ ਕਿਹਾ ਕਿ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ, ਚਾਲਕ ਦਲ ਨੂੰ ਜਹਾਜ਼ ਵਿੱਚ ਇੱਕ ਮਾਮੂਲੀ ਇਲੈਕਟ੍ਰੀਕਲ ਸਮੱਸਿਆ ਦਾ ਪਤਾ ਲੱਗਿਆ। ਨਤੀਜੇ ਵਜੋਂ, ਸਾਵਧਾਨੀ ਵਜੋਂ ਜਹਾਜ਼ ਨੂੰ ਵਾਪਸ ਉਡਣ ਦੇ ਵਿਚਕਾਰ ਹੀ ਵਾਪਿਸ ਮੋੜਨ ਦਾ ਫੈਸਲਾ ਲਿਆ ਗਿਆ।

ਜਹਾਜ਼ ਵਿੱਚ ਮੌਜੂਦ ਇੱਕ ਰਿਪੋਰਟਰ ਨੇ ਦੱਸਿਆ ਕਿ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਪ੍ਰੈਸ ਕੈਬਿਨ ਦੀਆਂ ਲਾਈਟਾਂ ਥੋੜ੍ਹੇ ਸਮੇਂ ਲਈ ਬੰਦ ਹੋ ਗਈਆਂ। ਹਾਲਾਂਕਿ, ਕੋਈ ਤੁਰੰਤ ਸਪੱਸ਼ਟੀਕਰਨ ਨਹੀਂ ਦਿੱਤਾ ਗਿਆ। ਲਗਭਗ ਅੱਧੇ ਘੰਟੇ ਬਾਅਦ, ਇਹ ਐਲਾਨ ਕੀਤਾ ਗਿਆ ਕਿ ਜਹਾਜ਼ ਵਾਪਸ ਆ ਰਿਹਾ ਹੈ। ਹਾਲਾਂਕਿ ਰਿਪੋਰਟਾਂ ਦੇ ਅਨੁਸਾਰ, ਟਰੰਪ ਥੋੜ੍ਹੀ ਦੇਰ ਬਾਅਦ ਇੱਕ ਹੋਰ ਜਹਾਜ਼ ਵਿੱਚ ਰਵਾਨਾ ਹੋਏ। ਉਹ ਅੱਜ ਸਵਿਟਜ਼ਰਲੈਂਡ ਦੇ ਦਾਵੋਸ ਵਿੱਚ ਵਿਸ਼ਵ ਆਰਥਿਕ ਫੋਰਮ ਵਿੱਚ ਸ਼ਾਮਲ ਹੋਣਗੇ। ਟਰੰਪ ਦੀਆਂ ਅਧਿਕਾਰਤ ਯਾਤਰਾਵਾਂ ਲਈ ਵਰਤਮਾਨ ਵਿੱਚ ਇੱਕ ਬੋਇੰਗ 747-200ਬੀ ਏਅਰ ਫੋਰਸ ਵਨ ਵਜੋਂ ਵਰਤਿਆ ਜਾਂਦਾ ਹੈ। ਬੇੜੇ ਵਿੱਚ ਦੋ ਅਜਿਹੇ ਜਹਾਜ਼ ਸ਼ਾਮਲ ਹਨ, ਹਰ ਇੱਕ ਲਗਭਗ ਚਾਰ ਦਹਾਕੇ ਪੁਰਾਣਾ ਹੈ। ਅਮਰੀਕੀ ਜਹਾਜ਼ ਨਿਰਮਾਤਾ ਬੋਇੰਗ ਨਵੇਂ ਬਦਲ ਵਿਕਸਤ ਕਰ ਰਿਹਾ ਹੈ, ਪਰ ਇਹ ਪ੍ਰੋਜੈਕਟ ਦੇਰੀ ਦਾ ਸਾਹਮਣਾ ਕਰ ਰਿਹਾ ਹੈ।


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# RESIDENTIAL, COMMERCIAL AND SOLAR FARMS

**with Singhsloar High performance Bifacial Smart Panels**

**ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ**

100% CUSTOMER SATISFACTION GUARANTEED

SINGH SOLAR



## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰਫ਼ ਇਕ ਕਾਲ - ਵੱਡੀ ਬੱਚਤ**

# 510-706-1300

singhsolarusa@gmail.com


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# ਕਸਬਾ ਰਈਆ ਵਿਖੇ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਭਗਵੰਤ ਮਾਨ ਦਾ ਪੁਤਲਾ ਫੂਕਿਆ ਗਿਆ

ਰਈਆ
ਬਲਰਾਜ ਸਿੰਘ ਰਾਜਾ



ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸਥਾਨਕ ਜੋਨ ਵੱਲੋਂ ਕਸਬਾ ਰਈਆ ਵਿਖੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਫੂਕਿਆ ਗਿਆ ਤੇ ਜੰਮ ਕੇ ਨਾਰੇਬਾਜ਼ੀ ਕੀਤੀ ਗਈ। ਇਸ ਮੌਕੇ ਜਿਲਾ ਜੋਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਚਰਨ ਸਿੰਘ ਕਲੇਰ ਘੁਮਾਣ, ਨੇ ਸਬੋਧਨ ਕਰਦੇ ਹੋਏ ਦੱਸਿਆ18 ਜਨਵਰੀ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਮਜੀਠਾ ਰੈਲੀ ਦੌਰਾਨ ਕਿਸਾਨਾਂ ਮਜ਼ਦੂਰਾਂ ਨੇ ਮੁੱਖ ਮੰਤਰੀ ਨੂੰ ਸਵਾਲ ਜਵਾਬ ਕਰਨ ਲਈ ਜਾਣਾ ਸੀ, ਪ੍ਰੰਤੂ ਪੰਜਾਬ ਸਰਕਾਰ ਦੇ ਹੁਕਮਾਂ ਤਹਿਤ ਪੁਲਿਸ ਵੱਲੋਂ ਦੋ ਦਿਨ ਪਹਿਲਾਂ ਹੀ ਆਗੂਆਂ ਦੇ ਘਰਾਂ ਵਿੱਚ ਛਾਪੇਮਾਰੀ ਕਰਕੇ ਗ੍ਰਿਫਤਾਰ ਕਰ ਲਿਆ ਗਿਆ। ਇਸਦੇ ਰੋਸ ਵਜੋਂ ਕੱਲ੍ਹ ਦੇਰ ਰਾਤ ਤੱਕ ਮਜੀਠਾ ਬੱਸ ਸਟੈਂਡ ਦੇ ਸਾਹਮਣੇ ਅਤੇ ਪੰਜਾਬ ਭਰ ਵਿੱਚ ਧਰਨੇ ਚਲਦੇ ਰਹੇ। ਅਖੀਰ ਪ੍ਰਸ਼ਾਸਨ ਨਾਲ ਸਹਿਮਤੀ ਹੋਣ ਤੇ ਧਰਨੇ ਸਮਾਪਤ ਕੀਤੇ ਗਏ। ਇਸ ਦੌਰਾਨ ਜਦੋਂ ਬੀਕੇਯੂ ਏਕਤਾ ਅਜ਼ਾਦ ਜਥੇਬੰਦੀ ਵੱਲੋਂ ਧਰਨਾ ਸਮਾਪਤ ਕੀਤਾ ਜਾ ਰਿਹਾ ਸੀ ਤਾਂ ਪੁਲਿਸ ਵੱਲੋਂ ਉਨ੍ਹਾਂ ਉਪਰ ਲਾਠੀਚਾਰਜ ਕੀਤਾ ਗਿਆ ਅਤੇ ਪ੍ਰਧਾਨ ਜਸਵਿੰਦਰ ਸਿੰਘ ਲੌਂਗੋਵਾਲ ਅਤੇ ਹੋਰ ਸੀਨੀਅਰ ਆਗੂਆਂ ਸਮੇਤ ਪੈਂਤੀ ਕਿਸਾਨਾਂ ਮਜ਼ਦੂਰਾਂ ਨੂੰ ਗ੍ਰਿਫਤਾਰ ਕੀਤਾ ਗਿਆ। ਇਸਦੇ ਰੋਸ ਵਜੋਂ ਕਿਸਾਨ ਮਜ਼ਦੂਰ ਮੋਰਚੇ ਵੱਲੋਂ ਪੰਜਾਬ ਭਰ ਵਿੱਚ ਪੰਜਾਬ ਸਰਕਾਰ ਦੇ ਅਰਥੀ ਫੂਕ ਮੁਜ਼ਾਹਰੇ ਕਰਕੇ ਰੋਸ ਪ੍ਰਗਟ ਕੀਤਾ ਗਿਆ। ਇਸ ਮੌਕੇ ਜੋਨ ਬਾਬਾ ਬਕਾਲਾ ਸਾਹਿਬ ਦੇ ਪ੍ਰਧਾਨ ਚਰਨ ਸਿੰਘ ਕਲੇਰ ਘੁਮਾਣ ,ਪ੍ਰਗਟ ਸਿੰਘ ਪਿੰਡ ਲੋਹਗੜ੍ਹ, ਅਜੀਤ ਸਿੰਘ ਠਠੀਆਂ, ਲਖਵਿੰਦਰ ਸਿੰਘ ਮੱਧ, ਸੂਬਾ ਸਿੰਘ ਵਜ਼ੀਰ ਭੁੱਲਰ, ਪਿੰਡਾਂ ਦੇ ਪ੍ਰਧਾਨ ਬਲਦੇਵ ਸਿੰਘ ਕਾਲੇਕੇ, ਬਾਬਾ ਹਰਦੇਵ ਸਿੰਘ ਕਾਲੇਕੇ ,ਮਨਜੀਤ ਸਿੰਘ ਮੀਤਾ ਲੋਹਗੜ, ਬਾਬਾ ਹਰਦੀਪ ਸਿੰਘ ਰਿੰਕੂ ਸਤਿਨਾਮ ਸਿੰਘ ਕਲੇਰ ਘੁਮਾਣ, ਸਤਨਾਮ ਸਿੰਘ ਕਾਲੇਕੇ, ਸਤਨਾਮ ਸਿੰਘ ਕਾਲੇਕੇ, ਜਸਵਿੰਦਰ ਸਿੰਘ ਕਾਲੇਕੇ, ਹੋਰਨਾਂ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਆਗੂ ਹਾਜ਼ਰ ਸਨ।

# 'ਯੁੱਧ ਨਸ਼ਿਆਂ ਵਿਰੁੱਧ': 326ਵੇਂ ਦਿਨ ਪੰਜਾਬ ਪੁਲਿਸ ਨੇ 152 ਨਸ਼ਾ ਤਸਕਰਾਂ ਨੂੰ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ




ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਚਲਾਈ ਜਾ ਰਹੀ ਨਸ਼ਿਆਂ ਵਿਰੁੱਧ ਜੰਗ "ਯੁੱਧ ਨਸ਼ਿਆਂ ਵਿਰੁੱਧ" ਦੇ ਲਗਾਤਾਰ 326ਵੇਂ ਦਿਨ ਪੰਜਾਬ ਪੁਲਿਸ ਨੇ ਬੁੱਧਵਾਰ ਨੂੰ 309 ਥਾਵਾਂ 'ਤੇ ਛਾਪੇਮਾਰੀ ਕੀਤੀ ਜਿਸ ਨਾਲ ਸੂਬੇ ਭਰ ਵਿੱਚ 152 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ 78 ਐਫਆਈਆਰਜ਼ ਦਰਜ ਕੀਤੀਆਂ ਗਈਆਂ । ਇਸ ਦੇ ਨਾਲ, 326 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 45,748 ਹੋ ਗਈ ਹੈ। ਛਾਪੇਮਾਰੀਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 377 ਗ੍ਰਾਮ ਹੈਰੋਇਨ, 1529 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 5200 ਰੁਪਏ ਦੀ ਡਰੱਗ ਮਨੀ ਬਰਾਮਦ ਹੋਈ ਹੈ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ ਕਮੇਟੀ ਦਾ ਗਠਨ ਵੀ ਕੀਤਾ ਹੈ। 64 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 800 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 309 ਥਾਵਾਂ ਤੇ ਛਾਪੇਮਾਰੀ ਕੀਤੀ । ਪੁਲਿਸ ਟੀਮਾਂ ਨੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 319 ਸ਼ੱਕੀ ਵਿਅਕਤੀਆਂ ਦੀ ਵੀ ਚੈਕਿੰਗ ਕੀਤੀ ।ਰਾਜ ਸਰਕਾਰ ਨੇ ਰਾਜ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਐਂਡ ਪ੍ਰੀਵੈਨਸ਼ਨ ਲਾਗੂ ਕੀਤੀ ਹੈ, ਪੰਜਾਬ ਪੁਲਿਸ ਨੇ 'ਨਸ਼ਾ ਮੁਕਤੀ' ਦੇ ਹਿੱਸੇ ਵਜੋਂ ਅੱਜ 27 ਵਿਅਕਤੀਆਂ ਨੂੰ ਨਸ਼ਾ ਮੁਕਤੀ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

## ਭਗਵੰਤ ਮਾਨ ਸਰਕਾਰ ਦੀ 'ਗੈਂਗਸਟਰਾਂ 'ਤੇ ਵਾਰ' ਤਹਿਤ ਆਪ੍ਰੇਸ਼ਨ ਪ੍ਰਹਾਰ ਨੇ ਗੈਂਗਸਟਰ ਨੈੱਟਵਰਕ 'ਤੇ ਸ਼ਿਕੰਜਾ ਕੱਸਿਆ: ਦੂਜੇ ਦਿਨ ਵਿਦੇਸ਼ੀ ਗੈਂਗਸਟਰਾਂ ਦੇ 1,100 ਤੋਂ ਵੱਧ ਸਾਥੀ ਅਤੇ ਸਹਿਯੋਗੀ ਗ੍ਰਿਫ਼ਤਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਆਪਣੀ ਫੈਸਲਾਕੁੰਨ ਮੁਹਿੰਮ 'ਗੈਂਗਸਟਰਾਂ ਤੇ ਵਾਰ' ਜਾਰੀ ਰੱਖਦਿਆਂ ਪੰਜਾਬ ਪੁਲਿਸ ਦੀਆਂ ਟੀਮਾਂ ਨੇ 72 ਘੰਟਿਆਂ ਦੇ 'ਆਪ੍ਰੇਸ਼ਨ ਪ੍ਰਹਾਰ' ਤਹਿਤ ਅੱਜ ਲਗਾਤਾਰ ਦੂਜੇ ਦਿਨ ਵਿਦੇਸ਼ੀ ਗੈਂਗਸਟਰਾਂ ਦੇ ਪਛਾਣੇ ਗਏ ਅਤੇ ਮੈਪ ਕੀਤੇ ਟਿਕਾਣਿਆਂ 'ਤੇ ਛਾਪੇਮਾਰੀ ਕੀਤੀ।

ਮੰਗਲਵਾਰ ਨੂੰ ਗੈਂਗਸਟਰਾਂ ਵਿਰੁੱਧ ਵੱਡੇ ਪੱਧਰ 'ਤੇ ਜੰਗ ਦਾ ਐਲਾਨ ਕਰਦਿਆਂ ਪੰਜਾਬ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ) ਗੌਰਵ ਯਾਦਵ ਨੇ 'ਆਪ੍ਰੇਸ਼ਨ ਪ੍ਰਹਾਰ' ਨਾਮਕ 72 ਘੰਟੇ ਲੰਬੀ ਕਾਰਵਾਈ ਆਰੰਭੀ ਸੀ, ਜਿਸ ਤਹਿਤ ਸੰਗਠਿਤ ਅਪਰਾਧ ਨੂੰ ਜੜ੍ਹੋਂ ਖਤਮ ਕਰਨ ਲਈ ਲਗਭਗ 12,000 ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 2000 ਤੋਂ ਵੱਧ ਪੁਲਿਸ ਟੀਮਾਂ, ਨੂੰ ਰਾਜ ਭਰ ਵਿੱਚ ਤਾਇਨਾਤ ਕੀਤਾ ਗਿਆ ਸੀ। ਆਪ੍ਰੇਸ਼ਨ ਦੇ ਦੂਜੇ ਦਿਨ ਦੇ ਨਤੀਜੇ ਸਾਂਝੇ ਕਰਦਿਆਂ ਪੁਲਿਸ ਵਿਸ਼ੇਸ਼ ਡਾਇਰੈਕਟਰ ਜਨਰਲ (ਕਾਨੂੰਨ ਅਤੇ ਵਿਵਸਥਾ ਦੇ) ਅਰਪਿਤ ਸ਼ੁਕਲਾ, ਜੋ ਇਸ ਚੱਲ ਰਹੀ ਕਾਰਵਾਈ ਦੀ ਨਿੱਜੀ ਤੌਰ 'ਤੇ ਨਿਗਰਾਨੀ ਕਰਨ ਲਈ ਮੋਹਾਲੀ ਪੁੱਜੇ ਸਨ, ਨੇ ਕਿਹਾ, "ਆਪ੍ਰੇਸ਼ਨ ਦੇ ਦੂਜੇ ਦਿਨ ਰਾਜ ਭਰ ਵਿੱਚ ਵਿਦੇਸ਼ੀ ਗੈਂਗਸਟਰਾਂ ਦੇ 1186 ਸਹਿਯੋਗੀਆਂ ਅਤੇ ਸਹਾਇਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ, ਜਿਸ ਨਾਲ ਕੁੱਲ ਗ੍ਰਿਫਤਾਰੀਆਂ ਦੀ ਗਿਣਤੀ ਹੁਣ 2500 ਹੋ ਗਈ ਹੈ।" ਉਨ੍ਹਾਂ ਕਿਹਾ ਕਿ ਆਪ੍ਰੇਸ਼ਨ ਪ੍ਰਹਾਰ ਦੇ ਪਹਿਲੇ ਦਿਨ 1314 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ। ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਕਿ ਸੰਗਠਿਤ ਅਪਰਾਧ ਦਾ ਸਮਰਥਨ ਕਰਨ ਵਾਲੀ ਸਹਾਇਤਾ ਪ੍ਰਣਾਲੀ ਨੂੰ ਪੂਰੀ ਤਰ੍ਹਾਂ ਤਹਿਸ-ਨਹਿਸ ਕਰਨ ਲਈ ਵਿੱਤੀ ਨੈੱਟਵਰਕ, ਲੌਜਿਸਟਿਕਸ, ਹਥਿਆਰ ਸਪਲਾਈ ਚੇਨ ਅਤੇ ਸੰਚਾਰ ਲਿੰਕਾਂ ਸਮੇਤ ਵੱਖ-ਵੱਖ ਪਹਿਲੂਆਂ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। ਨਾਗਰਿਕਾਂ ਨੂੰ ਸੰਗਠਿਤ ਅਪਰਾਧ ਵਿਰੁੱਧ ਮੁਹਿੰਮ ਦਾ ਸਰਗਰਮੀ ਨਾਲ ਸਮਰਥਨ ਕਰਨ ਦੀ ਅਪੀਲ ਕਰਦਿਆਂ ਵਿਸ਼ੇਸ਼ ਡੀਜੀਪੀ ਅਰਪਿਤ ਸ਼ੁਕਲਾ ਨੇ ਕਿਹਾ ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਲੋਕ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਜਾਣਕਾਰੀ ਦੇ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਇਤਲਾਹ ਦਿੱਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵਿਅਕਤੀ ਵੱਲੋਂ ਦਿੱਤੀ ਗੈਂਗਸਟਰਾਂ ਦੀ ਜਾਣਕਾਰੀ ਦੇ ਅਧਾਰ ਤੇ ਜੇਕਰ ਕੋਈ ਗ੍ਰਿਫਤਾਰੀ ਹੁੰਦੀ ਹੈ ਤਾਂ 10 ਲੱਖ ਰੁਪਏ ਤੱਕ ਦੀ ਇਨਾਮੀ ਰਾਸ਼ੀ ਦੇ ਕੇ ਸਨਮਾਨਿਤ ਕੀਤਾ ਜਾਵੇਗਾ।

## ਚੋਣ ਪ੍ਰਬੰਧਨ ਸੰਸਥਾਵਾਂ ਦੇ ਮੁਖੀਆਂ ਨੇ ਲੋਕਤੰਤਰ ਅਤੇ ਚੋਣ ਪ੍ਰਬੰਧਨ 'ਤੇ ਅੰਤਰਰਾਸ਼ਟਰੀ ਸੰਮੇਲਨ -2026 ਵਿੱਚ ਹਿੱਸਾ ਲਿਆ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

1. 42 ਚੋਣ ਪ੍ਰਬੰਧਨ ਸੰਸਥਾਵਾਂ (ਈ.ਐਮ.ਬੀਜ਼) ਦੇ ਮੁਖੀਆਂ ਨੇ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਲੋਕਤੰਤਰ ਅਤੇ ਚੋਣ ਪ੍ਰਬੰਧਨ 'ਤੇ ਅੰਤਰਰਾਸ਼ਟਰੀ ਸੰਮੇਲਨ (ਆਈ.ਆਈ.ਸੀ.ਡੀ.ਈ.ਐਮ.) 2026 ਵਿੱਚ ਹਿੱਸਾ ਲਿਆ।
2. ਇਸ ਸਬੰਧੀ ਸਮਾਗਮ ਦੀ ਸ਼ੁਰੂਆਤ ਮੁੱਖ ਚੋਣ ਕਮਿਸ਼ਨਰ ਸ੍ਰੀ ਗਿਆਨੇਸ਼ ਕੁਮਾਰ, ਚੋਣ ਕਮਿਸ਼ਨਰ ਡਾ. ਸੁਖਬੀਰ ਸਿੰਘ ਸੰਧੂ ਅਤੇ ਡਾ. ਵਿਵੇਕ ਜੋਸ਼ੀ ਨੇ ਕੀਤੀ।
3. ਇਸ ਸਮਾਗਮ ਵਿੱਚ ਲਗਭਗ 60 ਕੌਮਾਂਤਰੀ ਨੁਮਾਇੰਦਿਆਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਚੋਣ ਪ੍ਰਬੰਧਨ ਸੰਸਥਾਵਾਂ ਦੇ ਮੁਖੀ ਅਤੇ ਕਈ ਦੇਸ਼ਾਂ ਦੇ ਰਾਜਦੂਤ/ਹਾਈ ਕਮਿਸ਼ਨਰ ਸ਼ਾਮਲ ਸਨ।
4. ਚੋਣ ਪ੍ਰਬੰਧਨ ਸੰਸਥਾ ਪ੍ਰਤੀਭਾਗੀਆਂ ਲਈ ਇੱਕ ਅਜਿਹਾ ਮੰਚ ਹੈ ਜਿਸ 'ਤੇ ਲੋਕਤੰਤਰ ਅਤੇ ਚੋਣ ਪ੍ਰਬੰਧਨ 'ਤੇ ਉੱਚ-ਪੱਧਰੀ ਵਿਚਾਰ-ਵਟਾਂਦਰੇ ਵਾਸਤੇ ਚੋਣ ਪ੍ਰਬੰਧਨ ਸੰਸਥਾਵਾਂ ਦੇ ਮੁਖੀ ਅਤੇ ਸੀਨੀਅਰ ਆਗੂ, ਰਾਜਦੂਤ/ਹਾਈ ਕਮਿਸ਼ਨਰ ਇੱਕੋ ਥਾਂ 'ਤੇ ਇਕੱਠੇ ਹੁੰਦੇ ਹਨ।
5. ਭਾਰਤ ਵੱਲੋਂ ਸਾਲ 2026 ਦੌਰਾਨ ਅੰਤਰਰਾਸ਼ਟਰੀ ਆਈ.ਡੀ.ਈ.ਏ. ਦੇ ਚੇਅਰਪਰਸਨ ਵਜੋਂ ਵਿਸ਼ੇ ਸਬੰਧੀ ਤਰਜੀਹਾਂ ਸਾਂਝੀਆਂ ਕੀਤੀਆਂ ਗਈਆਂ।

ਚੋਣ ਪ੍ਰਬੰਧਨ ਸੰਸਥਾ ਦੇ ਆਗੂਆਂ ਅਤੇ ਦੇਸ਼ ਦੇ ਨੁਮਾਇੰਦਿਆਂ ਨੇ ਲੋਕਤੰਤਰ ਅਤੇ ਚੋਣ ਪ੍ਰਸ਼ਾਸਨ ਨੂੰ ਦਰਪੇਸ਼ ਵਿਸ਼ਵਵਿਆਪੀ ਚੁਣੌਤੀਆਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ।



# Ekam Handyman Services

**Reliable Handyman Services**

- Professional Repairs
- Quality Work
- Affordable Rates



**We Specialized In**:

Split-Level and Multi-Level Home Repairs

Fence Installation & Repairs Backyard Upgrades

Hardwood Floor, MarbleTiling, Repair & Refinishing

Insulated Window Installation & sealing

Washroom RepairsPlumbing

Fixes Electrical Repairs



Ekam Handyman services
@laddihandyman

(209)281-0288, (209)646-4056


SERVPRO®
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


Gillson TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations
(traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
FREIGHTLINER AND VOLVO 2020 AND PRESENT
RESET PAY AWAY FROM TERMINALS– STOCKTON,. CA AND DAYTON, OHIO
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd.
Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਸ਼ਤਾਬਦੀ ਸਮਾਗਮਾਂ ਦੌਰਾਨ ਸ੍ਰੀ ਹਜ਼ੂਰ ਸਾਹਿਬ ਲਈ ਅੰਮ੍ਰਿਤਸਰ, ਚੰਡੀਗੜ੍ਹ ਤੇ ਦਿੱਲੀ ਤੋਂ ਲੱਗੀਆਂ ਸਪੈਸ਼ਲ ਟ੍ਰੇਨਾਂ

## ਇਸ ਉਪਰਾਲੇ ਲਈ ਬਾਬਾ ਹਰਨਾਮ ਸਿੰਘ ਖਾਲਸਾ, ਜਥੇਦਾਰ ਕੁਲਵੰਤ ਸਿੰਘ ਤੇ ਰਾਮੇਸ਼ਵਰ ਨਾਇਕ ਨੇ ਮੁੱਖ ਮੰਤਰੀ ਫੜਨਵੀਸ ਦਾ ਕੀਤਾ ਧੰਨਵਾਦ

ਨਾਂਦੇੜ
ਬਲਰਾਜ ਸਿੰਘ ਰਾਜਾ

ਮਹਾਂਰਾਸ਼ਟਰ ਦੇ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਦੇ ਸਹਿਯੋਗ ਨਾਲ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ (ਸਰਪ੍ਰਸਤ ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ) ਤੇ ਤਖਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਸੰਤ ਗਿਆਨੀ ਕੁਲਵੰਤ ਸਿੰਘ ਦੀ ਅਗਵਾਈ ਹੇਠ 'ਹਿੰਦ ਦੀ ਚਾਦਰ' ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ 24 ਤੇ 25 ਜਨਵਰੀ ਨੂੰ ਤਖਤ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਵਿਸ਼ਾਲ ਪੱਧਰ 'ਤੇ ਮਨਾਏ ਜਾ ਰਹੇ ਦੋ ਦਿਨਾਂ ਸ਼ਤਾਬਦੀ ਸਮਾਗਮਾਂ ਲਈ ਸੰਗਤਾਂ ਦੀ ਵੱਡੀ ਆਮਦ ਨੂੰ ਦੇਖਦੇ ਹੋਏ ਖਾਸ ਉਪਰਾਲੇ ਕੀਤੇ ਗਏ ਹਨ। ਜਿਸ ਤੋਂ ਬਾਅਦ ਉੱਤਰੀ ਰੇਲਵੇ ਚੰਡੀਗੜ੍ਹ-ਨਾਂਦੇੜ- ਚੰਡੀਗੜ੍ਹ ,ਹਜ਼ਰਤ ਨਿਜ਼ਾਮੂਦੀਨ-ਨਾਂਦੇੜ-ਹਜ਼ਰਤ ਨਿਜ਼ਾਮੂਦੀਨ ਤੇ ਅੰਮ੍ਰਿਤਸਰ-ਚੇਰਲਾਪੱਲੀ(ਨਾਂਦੇੜ)- ਅੰਮ੍ਰਿਤਸਰ ਰੂਟ 'ਤੇ ਆਉਣ-ਜਾਣ ਲਈ ਸੰਗਤਾਂ ਦੀ ਸਹੂਲਤ ਲਈ 6 ਸਪੈਸ਼ਲ ਟ੍ਰੇਨਾਂ ਚਲਾਈਆਂ ਜਾ ਰਹੀਆਂ ਹਨ। ਇਸਦੇ ਨਾਲ ਹੀ ਸੰਗਤਾਂ ਦੇ ਹਵਾਈ ਸਫਰ ਲਈ ਫਲਾਈਟਾਂ 'ਚ ਵੀ ਵਾਧਾ ਕੀਤੇ ਜਾਣ ਦੀ ਪੂਰੀ ਸੰਭਾਵਨਾ ਹੈਦੱਖਣੀ ਕੇਂਦਰੀ ਰੇਲਵੇ ਨਾਂਦੇੜ ਡਿਵੀਜ਼ਨ ਤੋਂ ਜਾਰੀ ਸੂਚੀ ਅਨੁਸਾਰ ਪਹਿਲੀ ਸਪੈਸ਼ਲ ਟ੍ਰੇਨ (04642,ਅੰਮ੍ਰਿਤਸਰ ਚੇਰਲਾਪੱਲੀ) 23 ਤੇ 24 ਜਨਵਰੀ ਨੂੰ ਸਵੇਰੇ 03.35 ਵਜੇ ਅੰਮ੍ਰਿਤਸਰ ਤੋਂ ਰਵਾਨਾ ਹੋਵੇਗੀ ਤੇ ਤੀਜੇ ਦਿਨ ਸਵੇਰੇ



03.30 ਵਜੇ ਚੇਰਲਾਪੱਲੀ(ਨਾਂਦੇੜ) ਪਹੁੰਚੇਗੀ,ਜਦਕਿ ਦੂਜੀ ਸਪੈਸ਼ਲ ਟ੍ਰੇਨ(04641,ਚੇਰਲਾਪੱਲੀ-ਅੰਮ੍ਰਿਤਸਰ ) 25 ਤੇ 26 ਜਨਵਰੀ ਨੂੰ ਚੇਰਲਾਪੱਲੀ(ਨਾਂਦੇੜ) ਤੋਂ ਦੁਪਹਿਰ 03.40 ਵਜੇ ਚੱਲ ਕੇ ਤੀਜੇ ਦਿਨ 03.10 ਵਜੇ ਅੰਮ੍ਰਿਤਸਰ ਪਹੁੰਚੇਗੀ। ਤੀਜੀ ਸਪੈਸ਼ਲ ਟ੍ਰੇਨ (04524, ਚੰਡੀਗੜ੍ਹ-ਹਜ਼ੂਰ ਸਾਹਿਬ ਨਾਂਦੇੜ) 23 ਤੇ 24 ਜਨਵਰੀ ਨੂੰ ਸਵੇਰੇ 05.40 ਵਜੇ ਚੰਡੀਗੜ੍ਹ ਤੋਂ ਰਵਾਨਾ ਹੋਵੇਗੀ ਤੇ ਅਗਲੇ ਦਿਨ ਦੁਪਹਿਰ 01.30 ਵਜੇ ਹਜ਼ੂਰ ਸਾਹਿਬ ਨਾਂਦੇੜ ਪਹੁੰਚੇਗੀ,ਜਦਕਿ ਚੌਥੀ ਸਪੈਸ਼ਲ ਟ੍ਰੇਨ (04523,ਹਜ਼ੂਰ ਸਾਹਿਬ ਨਾਂਦੇੜ-ਚੰਡੀਗੜ੍ਹ) 25 ਤੇ 26 ਜਨਵਰੀ ਨੂੰ ਰਾਤ 9.00 ਵਜੇ ਹਜ਼ੂਰ ਸਾਹਿਬ ਨਾਂਦੇੜ ਤੋਂ ਚੱਲ ਕੇ ਤੀਜੇ ਦਿਨ ਸਵੇਰੇ 08.00 ਵਜੇ ਉਸੇ ਰੂਟ 'ਤੇ ਚੰਡੀਗੜ੍ਹ ਪਹੁੰਚੇਗੀ। ਪੰਜਵੀਂ ਸਪੈਸ਼ਲ ਟ੍ਰੇਨ (04494,ਹਜ਼ਰਤ ਨਿਜ਼ਾਮੂਦੀਨ-ਹਜ਼ੂਰ ਸਾਹਿਬ ਨਾਂਦੇੜ) 23 ਤੇ 24 ਜਨਵਰੀ ਨੂੰ ਦਿੱਲੀ ਦੇ ਹਜ਼ਰਤ ਨਿਜ਼ਾਮੂਦੀਨ ਸ਼ਟੇਸ਼ਨ ਤੋਂ ਦੁਪਹਿਰ 12.30 ਵਜੇ ਰਵਾਨਾ ਹੋਵੇਗੀ ਤੇ ਅਗਲੇ ਦਿਨ ਸ਼ਾਮ 4.20 ਵਜੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਪਹੁੰਚੇਗੀ,ਜਦਕਿ ਵਾਪਸੀ ਲਈ ਛੇਵੀਂ ਸ਼ਪੈਸ਼ਲ ਟ੍ਰੇਨ (04493,ਹਜ਼ੂਰ ਸਾਹਿਬ ਨਾਂਦੇੜ-ਹਜ਼ਰਤ ਨਿਜ਼ਾਮੂਦੀਨ) 24 ਤੇ 25 ਜਨਵਰੀ ਨੂੰ ਰਾਤ 08.10 ਵਜੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਤੋਂ ਚੱਲ ਕੇ ਅਗਲੇ ਦਿਨ ਰਾਤ 11.20 ਵਜੇ ਵਾਪਸ ਹਜ਼ਰਤ ਨਿਜ਼ਾਮੂਦੀਨ ਪਹੁੰਚੇਗੀ।

ਸੰਤ ਬਾਬਾ ਕੁਲਵੰਤ ਸਿੰਘ ਜਥੇਦਾਰ ਤਖ਼ਤ ਸ੍ਰੀ ਹਜ਼ੂਰ ਸਾਹਿਬ, ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਸੰਤ ਬਾਬਾ ਹਰਨਾਮ ਸਿੰਘ (ਮੁਖੀ ਦਮਦਮੀ ਟਕਸਾਲ) ਤੇ ਮੁੱਖ ਮੰਤਰੀ ਮਹਾਰਾਸ਼ਟਰਾ ਰਾਹਤ ਫੰਡ ਦੇ ਇੰਚਾਰਜ ਸ੍ਰੀ ਰਾਮੇਸ਼ਵਰ ਨਾਇਕ, ਭਾਈ ਜਸਪਾਲ ਸਿੰਘ ਸਿੱਧੂ ਚੇਅਰਮੈਨ ਸੁਪਰੀਮ ਕੌਂਸਲ ਨਵੀਂ ਮੁੰਬਈ ਗੁਰਦੁਆਰਾ ਤੇ ਚਰਨਦੀਪ ਸਿੰਘ ਹੈਪੀ ਮੈਂਬਰ ਮਨਓਰਟੀ ਕਮਿਸ਼ਨ ਮਹਾਂਰਾਸ਼ਟਰ ਸਰਕਾਰ ਨੇ ਸੰਗਤਾਂ ਦੀ ਵੱਡੀ ਸਹੂਲਤ ਲਈ ਮੁੱਖ ਮੰਤਰੀ ਦਵਿੰਦਰ ਫੜਨਵੀਸ ਤੇ ਰੇਲਵੇ ਵਿਭਾਗ ਵਲੋਂ ਉਕਤ ਸਪੈਸ਼ਲ ਟ੍ਰੇਨਾਂ ਚਲਾਏ ਜਾਣ ਦੇ ਫੈਸਲੇ ਦਾ ਨਿੱਘਾ ਸਵਾਗਤ ਕਰਦਿਆਂ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮਾਂ ਦੌਰਾਨ 24-25 ਜਨਵਰੀ ਨੂੰ ਵੱਡੀ ਗਿਣਤੀ 'ਚ ਹੁੰਮ ਹੁੰਮਾ ਕੇ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ 2 ਰੋਜ਼ਾ ਸ਼ਤਾਬਦੀ ਸਮਾਗਮਾਂ'ਚ ਸ਼ਾਮਿਲ ਹੋਣ ਦੀ ਪੁਰਜ਼ੋਰ ਅਪੀਲ ਕੀਤੀ ਹੈ।

# 10000 ਰੁਪਏ ਰਿਸ਼ਵਤ ਲੈਂਦਾ ਹੌਲਦਾਰ ਵਿਜੀਲੈਂਸ ਬਿਊਰੋ ਨੇ ਰੰਗੇ ਹੱਥੀਂ ਕੀਤਾ ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਆਪਣੀ ਮੁਹਿੰਮ ਦੌਰਾਨ ਜ਼ਿਲ੍ਹਾ ਫਿਰੋਜ਼ਪੁਰ ਦੇ ਥਾਣਾ ਲੱਖੋਕੇ ਬਹਿਰਾਮ ਵਿਖੇ ਤਾਇਨਾਤ ਹੌਲਦਾਰ (ਹੈੱਡ ਕਾਂਸਟੇਬਲ) ਹਰਪਾਲ ਸਿੰਘ ਨੂੰ 10000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ। ਅੱਜ ਇੱਥੇ ਇਹ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਮੁਲਜ਼ਮ ਨੂੰ ਪਿੰਡ ਸਰੂਪ ਸਿੰਘ ਵਾਲਾ ਤਹਿਸੀਲ ਗੁਰੂਹਰਸਹਾਏ ਜ਼ਿਲ੍ਹਾ ਫਿਰੋਜ਼ਪੁਰ ਵਸਨੀਕ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਿਕਾਇਤਕਰਤਾ ਦੇ ਭਰਾ ਵਿਰੁੱਧ ਐਨਡੀਪੀਐਸ ਐਕਟ ਅਧੀਨ ਮਾਮਲਾ ਦਰਜ ਕੀਤਾ ਗਿਆ ਸੀ ਅਤੇ ਮੁਲਜ਼ਮ ਹੌਲਦਾਰ ਨੇ ਸ਼ਿਕਾਇਤਕਰਤਾ ਤੋਂ ਉਸ ਮਾਮਲੇ ਵਿੱਚ ਸ਼ਿਕਾਇਤ ਕਰਤਾ ਦੀ ਮਦਦ ਕਰਨ ਅਤੇ ਉਸਦੇ ਭਰਾ ਨੂੰ ਕਿਸੇ ਹੋਰ ਮਾਮਲੇ ਵਿੱਚ ਨਾਮਜ਼ਦ ਨਾ ਕਰਨ ਦੇ ਬਦਲੇ ਇੱਕ ਲੱਖ ਰੁਪਏ ਦੀ ਰਿਸ਼ਵਤ ਮੰਗੀ। ਇਸ ਸਬੰਧ ਵਿੱਚ ਦੋਸ਼ੀ ਹੌਲਦਾਰ ਨੇ ਸ਼ਿਕਾਇਤਕਰਤਾ ਤੋਂ 20000 ਰੁਪਏ ਰਿਸ਼ਵਤ ਦੀ ਰਕਮ ਪ੍ਰਾਪਤ ਕੀਤੀ ਅਤੇ ਬਾਕੀ ਰਹਿੰਦੀ ਰਕਮ ਦੀ ਮੰਗ ਕਰਦਾ ਰਿਹਾ। ਸ਼ਿਕਾਇਤਕਰਤਾ ਨੇ ਰਿਸ਼ਵਤ ਦੀ ਮੰਗ ਕਰਦੇ ਹੋਏ ਮੁਲਜ਼ਮ ਹੌਲਦਾਰ ਦੀ ਗੱਲਬਾਤ ਰਿਕਾਰਡ ਕਰ ਲਈ ਸੀ। ਬੁਲਾਰੇ ਨੇ ਅੱਗੇ ਦੱਸਿਆ ਕਿ ਉਸਦੀ ਸ਼ਿਕਾਇਤ ਦੀ ਮੁੱਢਲੀ ਜਾਂਚ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕਰ ਲਿਆ। ਇਸ ਸਬੰਧ ਵਿੱਚ ਵਿਜੀਲੈਂਸ ਬਿਊਰੋ ਦੇ ਥਾਣਾ ਫਿਰੋਜ਼ਪੁਰ ਵਿਖੇ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।




# ਪੰਜਾਬ ਦੇ ਪਿੰਡਾਂ ਵਿੱਚ ਖੇਡ ਕ੍ਰਾਂਤੀ: ਆਪ ਸਰਕਾਰ ਤਿਆਰ ਕਰ ਰਹੀ 3100 ਮੈਦਾਨ, ਨੌਜਵਾਨਾਂ ਨੂੰ ਨਸ਼ਿਆਂ ਚੋਂ ਕੱਢ ਕੇ ਖੇਡਾਂ ਵੱਲ ਉਤਸਾਹਿਤ ਕਰਨਾ ਸਾਡਾ ਮਕਸਦ: ਤਰੁਨਪ੍ਰੀਤ ਸਿੰਘ ਸੌਂਦ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਸੂਬੇ ਵਿੱਚ ਬਣ ਰਹੇ ਪੇਂਡੂ ਖੇਡ ਮੈਦਾਨਾਂ ਦੀ ਪ੍ਰਗਤੀ ਅਤੇ ਗੁਣਵੱਤਾ ਨੂੰ ਲੈ ਕੇ ਸਰਕਾਰ ਦੇ ਸਖ਼ਤ ਰੁਖ਼ ਨੂੰ ਸਪੱਸ਼ਟ ਕੀਤਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਭਰ ਵਿੱਚ 3,100 ਪੇਂਡੂ ਖੇਡ ਮੈਦਾਨ ਤਿਆਰ ਕਰ ਰਹੀ ਹੈ, ਜਿਸ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਕੱਢ ਕੇ ਖੇਡਾਂ ਵਲ ਉਤਸਾਹਿਤ ਕਰਨਾ ਹੈ। ਬੁਧਵਾਰ ਨੂੰ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰਦਿਆਂ ਮੰਤਰੀ ਸੌਂਦ ਨੇ ਦੱਸਿਆ ਕਿ ਪ੍ਰੋਜੈਕਟ ਦੀ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਸਰਕਾਰ ਨੇ ਤਿੰਨ ਵਿਸ਼ੇਸ਼ ਫਲਾਇੰਗ ਸਕੁਆਡ ਤਾਇਨਾਤ ਕੀਤੇ ਹਨ। ਇਹ ਦਸਤੇ ਸਰਕਾਰ ਦੀਆਂ 'ਅੱਖਾਂ ਅਤੇ ਕੰਨ' ਵਜੋਂ ਕੰਮ ਕਰਨਗੇ ਅਤੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਜਮੀਨੀ ਪੱਧਰ 'ਤੇ ਜਾਂਚ ਕਰਨਗੇ। ਉਨ੍ਹਾਂ ਸਪੱਸ਼ਟ ਕੀਤਾ ਕਿ ਹੁਣ ਸਿਰਫ਼ ਕਾਗਜ਼ੀ ਕਾਰਵਾਈ ਨਹੀਂ ਚੱਲੇਗੀ, ਜ਼ਮੀਨ 'ਤੇ ਕੰਮ ਦੀ ਗੁਣਵੱਤਾ ਦਿਖਣੀ ਲਾਜ਼ਮੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਖੇਡ ਮੈਦਾਨਾਂ ਦੀ ਜਮੀਨੀ ਰਿਪੋਰਟ ਲਈ ਅਸੀਂ ਇੱਕ ਐਮਆਈਐਸ ਪੋਰਟਲ ਤਿਆਰ ਕੀਤਾ ਹੈ ਜਿਸ ਵਿੱਚ ਸੰਬੰਧਿਤ ਅਧਿਕਾਰੀ ਨੂੰ ਵਿਕਾਸ ਕਾਰਜ ਦੀ ਹਰ 15 ਦਿਨ ਵਿੱਚ ਫੋਟੋ ਅਤੇ ਜਿਓ ਟੈਗਿੰਗ ਦੇ ਨਾਲ ਰਿਪੋਰਟ ਭੇਜਣੀ ਹੋਵੇਗੀ। ਸਿਸਟਮ ਵਿੱਚ ਸੁਧਾਰ ਦਾ ਸਖ਼ਤ ਸੰਦੇਸ਼ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਜਿੱਥੇ ਵੀ ਝੂਠੀ ਰਿਪੋਰਟਿੰਗ ਜਾਂ ਕੰਮ ਵਿੱਚ ਲਾਪਰਵਾਹੀ ਪਾਈ ਗਈ, ਉੱਥੇ ਤੁਰੰਤ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ। ਕਈ ਅਧਿਕਾਰੀਆਂ ਨੂੰ ਮੁਅੱਤਲ ਕੀਤਾ ਗਿਆ ਹੈ ਅਤੇ ਕਾਰਨ-ਦੱਸੋ ਨੋਟਿਸ ਜਾਰੀ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦਾ ਸਿਆਸੀ ਦਖ਼ਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸੌਂਦ ਨੇ ਦੱਸਿਆ ਕਿ ਪੂਰੇ ਪੰਜਾਬ ਵਿੱਚ ਇੱਕਸਾਰ ਤਕਨੀਕੀ ਮਿਆਰ ਲਾਗੂ ਕੀਤੇ ਗਏ ਹਨ। ਕੰਮ ਦੀ ਨਿਗਰਾਨੀ ਲਈ ਤੀਸਰੇ ਪੱਖ (ਟਹਿਰਦ ਪਓਰਟੇ) ਦੇ ਟੈਕਨੋ-ਫਾਇਨੈਂਸ਼ਲ ਆਡੀਟ ਦੀ ਮਦਦ ਲਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਪੈਸੇ ਦੀ ਇੱਕ-ਇੱਕ ਪਾਈ ਦਾ ਹਿਸਾਬ ਰੱਖਿਆ ਜਾ ਰਿਹਾ ਹੈ ਤਾਂ ਜੋ ਪੇਂਡੂ ਪੰਜਾਬ ਨੂੰ ਵਰਲਡ-ਕਲਾਸ ਬੁਨਿਆਦੀ ਢਾਂਚਾ ਮਿਲ ਸਕੇ। ਇਸ ਮੁਹਿੰਮ ਵਿੱਚ ਸਰਪੰਚਾਂ, ਗ੍ਰਾਮ ਪੰਚਾਇਤਾਂ ਅਤੇ ਸਥਾਨਕ ਖੇਡ ਕਲੱਬਾਂ ਨੂੰ ਵੀ ਅਹਿਮ ਹਿੱਸੇਦਾਰ ਬਣਾਇਆ ਗਿਆ ਹੈ। ਮੰਤਰੀ ਨੇ ਕਿਹਾ ਕਿ ਇਹ ਸਾਰੀਆਂ ਸੰਸਥਾਵਾਂ ਇਸ ਪ੍ਰੋਜੈਕਟ ਵਿੱਚ ਸਿਰਫ਼ ਦਰਸ਼ਕ ਨਹੀਂ ਹਨ, ਸਗੋਂ ਸਾਡੇ ਸਾਥੀ ਹਨ ਜੋ ਪਿੰਡ ਦੇ ਵਿਕਾਸ ਦੀ ਨਿਗਰਾਨੀ ਕਰਨਗੇ। ਵਿਰੋਧੀ ਧਿਰ ਵੱਲੋਂ ਚੁੱਕੇ ਜਾ ਰਹੇ ਸਵਾਲਾਂ 'ਤੇ ਪ੍ਰਤੀਕਿਰਿਆ ਦਿੰਦਿਆਂ ਸੌਂਦ ਨੇ ਕਿਹਾ ਕਿ ਇਮਾਨਦਾਰ ਅਧਿਕਾਰੀਆਂ ਨੂੰ ਡਰਨ ਦੀ ਕੋਈ ਲੋੜ ਨਹੀਂ ਹੈ। ਸਜ਼ਾ ਸਿਰਫ਼ ਉਹਨਾਂ ਨੂੰ ਮਿਲੇਗੀ ਜੋ ਗਲਤ



ਰਿਪੋਰਟਿੰਗ ਜਾਂ ਭ੍ਰਿਸ਼ਟਾਚਾਰ ਵਿੱਚ ਸ਼ਾਮਲ ਹੋਣਗੇ। ਅਸੀਂ ਜਵਾਬਦੇਹੀ ਨੂੰ ਵਿਅਕਤੀਗਤ ਨਹੀਂ ਸਗੋਂ ਪ੍ਰਣਾਲੀਗਤ ਬਣਾ ਦਿੱਤਾ ਹੈ। ਕੈਬਨਿਟ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਨੌਜਵਾਨਾਂ ਦੇ ਭਵਿੱਖ ਅਤੇ ਜਨਤਕ ਪੈਸੇ ਦੀ ਸੁਰੱਖਿਆ ਲਈ ਵਚਨਬੱਧ ਹੈ। ਇਹ ਨਵਾਂ ਪੰਜਾਬ ਹੈ, ਜਿੱਥੇ ਖੇਡ ਮੈਦਾਨ ਬਣਨਗੇ ਵੀ ਅਤੇ ਉਹਨਾਂ ਦੇ ਹਰ ਇੰਚ ਦੀ ਨਿਗਰਾਨੀ ਵੀ ਹੋਵੇਗੀ।





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।


Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Pal Films Production
All Your Photo/Videography & Post Production needs Under One Roof
RED PRO 5.0
RED
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੈਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।
ਕਾਲ ਕਰ ਸਕਦੇ ਹੋ 408-687-1899
ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.
To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday  Friday in Punjabi.


## HOMEOPATHIC NATURAL MEDICINES

**When Tired of All Treatments,
For any Disease, at any Age
Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician Since 1973
DHMS-Gold Medalist, BAMS, MDEH
Ex-Prof, Principal & CMO Medical Colleges/Hospitals in India**

**(408) 687-1899 (925) 587-1148**

**Homeopathic Medicine and Notary Consultancy**
9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# ਹਰਜੋਤ ਬੈਂਸ ਨੇ ਗੈਂਗਸਟਰਾਂ ਖ਼ਿਲਾਫ਼ ਫੈਸਲਾਕੁੰਨ ਜੰਗ ਵਜੋਂ 'ਆਪ੍ਰੇਸ਼ਨ ਪ੍ਰਹਾਰ' ਦੀ ਕੀਤੀ ਸ਼ਲਾਘਾ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੂਬੇ ਵਿੱਚੋਂ ਗੈਂਗਸਟਰਵਾਦ ਅਤੇ ਅਪਰਾਧਿਕ ਤਾਕਤਾਂ ਨੂੰ ਜੜ੍ਹੋਂ ਖਤਮ ਕਰਨ ਲਈ ਦ੍ਰਿੜ੍ਹ ਅਤੇ ਸਪੱਸ਼ਟ ਰੁਖ਼ ਅਪਣਾਉਂਦਿਆਂ, ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ 'ਆਪ੍ਰੇਸ਼ਨ ਪ੍ਰਹਾਰ' ਤਹਿਤ ਗੈਂਗਸਟਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਪੰਜਾਬ ਪੁਲਿਸ ਵੱਲੋਂ ਕੀਤੀ ਜਾ ਰਹੀ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਦੀ ਸ਼ਲਾਘਾ ਕੀਤੀ। ਇਹ ਆਪ੍ਰੇਸ਼ਨ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਅੱਤਵਾਦ, ਗੈਂਗਸਟਰਵਾਦ ਅਤੇ ਸੰਗਠਿਤ ਅਪਰਾਧ ਪ੍ਰਤੀ ਜ਼ੀਰੋ-ਟੌਲਰੈਂਸ ਨੀਤੀ ਨੂੰ ਦਰਸਾਉਂਦਾ ਹੈ। ਬੈਂਸ ਨੇ ਕਿਹਾ "ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਸ਼ਾਨ ਅਤੇ ਸੁਰੱਖਿਆ ਲਈ ਜੰਗ ਦਾ ਆਗਾਜ਼ ਹੋ ਗਿਆ ਹੈ।" ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਵੱਲੋਂ ਗੈਂਗਸਟਰਾਂ ਖਿਲਾਫ਼ ਕਾਰਵਾਈ ਲਈ 2,000 ਟੀਮਾਂ, ਜਿਨ੍ਹਾਂ ਵਿੱਚ 12,000 ਤੋਂ ਵੱਧ ਪੁਲਿਸ ਮੁਲਾਜ਼ਮ ਸ਼ਾਮਲ ਹਨ, ਨਾਲ ਮਿਸਾਲੀ ਕਾਰਵਾਈ ਸ਼ੁਰੂ ਕੀਤੀ ਗਈ ਹੈ। ਪੂਰੀ ਫੋਰਸ ਪੰਜਾਬ ਵਿੱਚੋਂ ਗੈਂਗਸਟਰਾਂ ਨੂੰ ਜੜ੍ਹੋਂ ਖਤਮ ਕਰਨ ਵਿੱਚ ਜੁਟੀ ਹੋਈ ਹੈ। ਪੰਜਾਬ ਪੁਲਿਸ ਦੇ ਜਜ਼ਬੇ ਅਤੇ ਵਚਨਬੱਧਤਾ ਨੂੰ ਸਲਾਮ ਕਰਦਿਆਂ, ਸ. ਬੈਂਸ ਨੇ ਕਿਹਾ ਕਿ ਬੀਤੀ ਦੇਰ ਰਾਤ ਸ਼ੁਰੂ ਹੋਏ ਅਤੇ 72 ਘੰਟੇ ਚੱਲਣ ਵਾਲੇ ਇਸ ਆਪ੍ਰੇਸ਼ਨ ਦੌਰਾਨ ਪੂਰੇ ਤਾਲਮੇਲ ਨਾਲ ਗੈਂਗਸਟਰਾਂ ਨੂੰ ਖ਼ਿਲਾਫ਼ ਕਾਰਵਾਈ ਕੀਤੀ ਜਾ ਰਹੀ ਹੈ। ਮੁੱਖ ਮੰਤਰੀ ਮਾਨ ਨਿੱਜੀ ਤੌਰ 'ਤੇ ਇਸ ਆਪ੍ਰੇਸ਼ਨ 'ਤੇ ਨੇੜਿਓਂ ਨਜ਼ਰ ਰੱਖ ਰਹੇ ਹਨ।

ਉਨ੍ਹਾਂ ਕਿਹਾ ਕਿ ਇਹ ਕੋਈ ਆਮ ਕਾਰਵਾਈ ਨਹੀਂ ਹੈ ਸਗੋਂ ਇਹ ਅਮਨ-ਕਾਨੂੰਨ ਦੇ ਦੁਸ਼ਮਣਾਂ ਵਿਰੁੱਧ ਜੰਗ ਦਾ ਐਲਾਨ ਹੈ। ਸਿੱਖਿਆ ਮੰਤਰੀ ਨੇ ਅੰਮ੍ਰਿਤਸਰ ਅਤੇ ਫਤਿਹਗੜ੍ਹ ਸਾਹਿਬ ਵਿੱਚ ਹੋਏ ਪੁਲਿਸ ਮੁਕਾਬਲਿਆਂ ਦੀਆਂ ਸ਼ੁਰੂਆਤੀ ਰਿਪੋਰਟਾਂ ਦਾ ਹਵਾਲਾ ਦਿੰਦਿਆਂ ਇਸ ਆਪ੍ਰੇਸ਼ਨ ਦੇ ਦ੍ਰਿੜ ਇਰਾਦੇ ਅਤੇ ਤੁਰੰਤ ਕਾਰਵਾਈ ਨੂੰ ਸਬੂਤ ਵਜੋਂ ਪੇਸ਼ ਕੀਤਾ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਸ ਨਾਲ ਸਾਡੇ ਖ਼ੂਬਸੂਰਤ ਸੂਬੇ ਅਤੇ ਮਹਾਨ ਦੇਸ਼ ਵਿੱਚ ਅਸਥਿਰਤਾ ਫੈਲਾਉਣ ਦੀਆਂ ਸਾਜ਼ਿਸ਼ਾਂ ਨਾਕਾਮ ਹੋਣਗੀਆਂ। ਉਨ੍ਹਾਂ ਕਿਹਾ, "ਅਸੀਂ ਆਪਣੀ ਪੁਲਿਸ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਾਂ। ਮੈਂ ਹਰ ਨਾਗਰਿਕ, ਸਾਡੇ ਸਮਾਜ ਦੇ ਹਰ ਮੈਂਬਰ ਨੂੰ ਇਸ ਅਹਿਮ ਮਿਸ਼ਨ 'ਆਪ੍ਰੇਸ਼ਨ ਪ੍ਰਹਾਰ' ਵਿੱਚ ਪੰਜਾਬ ਪੁਲਿਸ ਦਾ ਸਾਥ ਦੇਣ ਦਾ ਸੱਦਾ ਦਿੰਦਾ ਹਾਂ। ਸਿਰਫ਼ ਇਕਜੁੱਟ ਹੋ ਕੇ ਹੀ ਅਸੀਂ ਸੂਬੇ ਨੂੰ ਗੈਂਗਸਟਰ-ਮੁਕਤ ਬਣਾ ਸਕਦੇ ਹਾਂ ਅਤੇ ਆਪਣੀਆਂ ਆਉਣ ਵਾਲੀਆਂ



ਪੀੜ੍ਹੀਆਂ ਦੇ ਭਵਿੱਖ ਨੂੰ ਸੁਰੱਖਿਅਤ ਕਰ ਸਕਦੇ ਹਾਂ। ਪੰਜਾਬ ਸਰਕਾਰ ਉਦੋਂ ਤੱਕ ਆਰਾਮ ਨਾਲ ਨਹੀਂ ਬੈਠੇਗੀ ਜਦੋਂ ਤੱਕ ਸੂਬੇ ਵਿੱਚੋਂ ਸਮਾਜ-ਵਿਰੋਧੀ ਅਨਸਰਾਂ ਦਾ ਮੁਕੰਮਲ ਸਫਾਇਆ ਨਹੀਂ ਹੋ ਜਾਂਦਾ।"

# ਨਸ਼ਾ ਤਸਕਰਾਂ ਤੋਂ ਬਾਅਦ ਹੁਣ ਗੈਂਗਸਟਰਾਂ 'ਤੇ ਸਖ਼ਤ ਮਾਨ ਸਰਕਾਰ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਦੀ ਸ਼ੁਰੂਆਤ: ਵਿਧਾਇਕ ਕੁਲਵੰਤ ਸਿੰਘ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੰਜਾਬ ਨੂੰ ਅਪਰਾਧ ਮੁਕਤ ਕਰਨ ਦੇ ਸੰਕਲਪ ਨੂੰ ਦੁਹਰਾਉਂਦੇ ਹੋਏ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਅੱਜ ਤੋਂ ਕਰੀਬ 325 ਦਿਨ ਪਹਿਲਾਂ ਨਸ਼ਿਆਂ ਵਿਰੁੱਧ ਫੈਸਲਾਕੁੰਨ 'ਯੁੱਧ ਨਸ਼ਿਆਂ ਦੇ ਵਿਰੁੱਧ' ਮੁਹਿੰਮ ਸ਼ੁਰੂ ਕੀਤੀ ਗਈ ਸੀ, ਜਿਸ ਤਹਿਤ ਪੁਲਿਸ ਨੇ ਇਤਿਹਾਸਕ ਕਾਰਵਾਈ ਕਰਦਿਆਂ 32 ਹਜ਼ਾਰ ਨਸ਼ਾ ਤਸਕਰਾਂ ਖਿਲਾਫ ਐਫ.ਆਈ.ਆਰ. ਦਰਜ ਕੀਤੀ ਅਤੇ ਹਜ਼ਾਰਾਂ ਅਪਰਾਧੀਆਂ ਨੂੰ ਸਲਾਖਾਂ ਪਿੱਛੇ ਡੱਕਿਆ। ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸਿੱਧੂ ਨੇ ਕਿਹਾ ਕਿ ਸਰਕਾਰ ਨੇ ਨਾ ਸਿਰਫ਼ ਤਸਕਰਾਂ ਨੂੰ ਫੜਿਆ, ਸਗੋਂ ਨਸ਼ਾ ਛੱਡਣ ਦੇ ਚਾਹਵਾਨ ਨੌਜਵਾਨਾਂ ਨੂੰ ਸਰਕਾਰੀ ਮਦਦ ਦੇ ਕੇ ਮੁੱਖ ਧਾਰਾ ਵਿੱਚ ਵਾਪਸ ਲਿਆਂਦਾ। ਇਸ ਦੇ ਲਈ ਵੱਖ-ਵੱਖ ਸ਼ਹਿਰਾਂ ਵਿੱਚ 100-100 ਬੈੱਡਾਂ ਦੇ ਵਿਸ਼ੇਸ਼ ਨਸ਼ਾ ਛੁਡਾਊ ਕੇਂਦਰ ਸਥਾਪਿਤ ਕੀਤੇ ਗਏ ਤਾਂ ਜੋ ਪੰਜਾਬ ਦੀ ਜਵਾਨੀ ਨੂੰ ਬਚਾਇਆ ਜਾ ਸਕੇ। ਉਸੇ ਤਰਜ਼ 'ਤੇ




ਹੁਣ 'ਆਪ' ਸਰਕਾਰ ਨੇ ਗੈਂਗਸਟਰ ਕਲਚਰ ਨੂੰ ਜੜ੍ਹੋਂ ਖ਼ਤਮ ਕਰਨ ਲਈ 'ਗੈਂਗਸਟਰਾਂ 'ਤੇ ਵਾਰ' ਮੁਹਿੰਮ ਸ਼ੁਰੂ ਕੀਤੀ ਹੈ। ਵਿਧਾਇਕ ਸਿੱਧੂ ਨੇ ਪਿਛਲੀਆਂ ਸਰਕਾਰਾਂ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪੰਜਾਬ ਵਿੱਚ ਨਾ ਸਿਰਫ਼ ਗੈਂਗਸਟਰਵਾਦ ਨੂੰ ਬੜਾਵਾ ਦਿੱਤਾ ਸਗੋਂ ਉਨ੍ਹਾਂ ਨੂੰ ਸਿਆਸੀ ਸਰਪ੍ਰਸਤੀ ਵੀ ਦਿੱਤੀ। ਪਰ 'ਆਪ' ਸਰਕਾਰ ਨੇ ਗੈਂਗਸਟਰਾਂ 'ਤੇ ਨਕੇਲ ਕਸੀ ਹੈ। ਅੱਜ ਸਥਿਤੀ ਇਹ ਹੈ ਕਿ ਪੰਜਾਬ ਪੁਲਿਸ ਵੱਲੋਂ ਰੋਜ਼ਾਨਾ ਗੈਂਗਸਟਰਾਂ ਦੇ ਐਨਕਾਊਂਟਰ ਕੀਤੇ ਜਾ ਰਹੇ ਹਨ। ਉਨ੍ਹਾਂ ਦੁਹਰਾਇਆ ਕਿ 'ਆਪ' ਸਰਕਾਰ ਪੰਜਾਬ ਵਿੱਚ ਅਮਨ-ਸ਼ਾਂਤੀ ਬਹਾਲ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਗੈਂਗਸਟਰਾਂ ਨੂੰ ਸਿੱਧੀ ਚੇਤਾਵਨੀ ਦਿੰਦਿਆਂ ਵਿਧਾਇਕ ਕੁਲਵੰਤ ਸਿੰਘ ਸਿੱਧੂ ਨੇ ਕਿਹਾ ਕਿ ਹੁਣ ਪੰਜਾਬ ਦੀ ਅਮਨ-ਸ਼ਾਂਤੀ ਨਾਲ ਖਿਲਵਾੜ ਕਰਨ ਵਾਲਿਆਂ ਕੋਲ ਸਿਰਫ਼ ਦੋ ਹੀ ਰਸਤੇ ਬਚੇ ਹਨ ਜਾਂ ਤਾਂ ਉਹ ਪੰਜਾਬ ਛੱਡ ਦੇਣ ਜਾਂ ਫਿਰ ਜੇਲ੍ਹ ਜਾਣ ਅਤੇ ਪੁਲਿਸ ਦੀ ਗੋਲੀ ਖਾਣ ਲਈ ਤਿਆਰ ਰਹਿਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਰਾਜ ਵਿੱਚ ਪੰਜਾਬ ਦੀ ਅਮਨ-ਸ਼ਾਂਤੀ ਨੂੰ ਭੰਗ ਕਰਨ ਵਾਲੇ ਕਿਸੇ ਵੀ ਅਸਾਜਿਕ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ।

# ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਸਰਕਾਰ ਦੇ ਦੂਜੇ ਕਾਰਜਕਾਲ ਦਾ ਇਕ ਸਾਲ ਹੋਇਆ ਪੂਰਾ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਆਪਣੇ ਦੂਜੀ ਵਾਰ ਦੇ ਕਾਰਜਕਾਲ ਦਾ ਪਹਿਲਾ ਵਰ੍ਹਾ ਮੁਕੰਮਲ ਕਰ ਲਿਆ ਹੈ। ਇਸ ਦੌਰਾਨ ਉਨ੍ਹਾਂ ਨੇ ਗੈਰ ਕਾਨੂੰਨੀ ਲੋਕਾਂ ਨੂੰ ਅਮਰੀਕਾ ‘ਚੋਂ ਕੱਢ ਕੇ ਆਪੋ-ਆਪਣੇ ਦੇਸ਼ਾਂ ਨੂੰ ਭੇਜਣ ਦਾ ਬੀੜਾ ਚੁੱਕੀ ਰੱਖਿਆ। ਇਸ ਦੇ ਨਾਲ-ਨਾਲ ਉਨ੍ਹਾਂ ਨੇ ਅਮਰੀਕਾ ਦੇ ਨਾਲ ਲੱਗਦੀਆਂ ਕੈਨੇਡਾ ਤੇ ਮੈਕਸੀਕੋ ਦੀਆਂ ਸਰਹੱਦਾਂ ਨੂੰ ਪੂਰੀ ਤਰ੍ਹਾਂ ਸੀਲ ਕਰ ਦਿੱਤਾ ਹੈ। ਇੰਮੀਗ੍ਰੇਸ਼ਨ ਨੂੰ ਲੀਹ ‘ਤੇ ਲਿਆਉਣ ਲਈ ਉਨ੍ਹਾਂ ਨੇ ਵੱਡੀ ਗਰਾਂਟ ਦਿੱਤੀ ਹੈ। ਇਸ ਦੇ ਨਾਲ ਹੀ ਜਿਹੜੇ ਮੁਲਕਾਂ ਨੂੰ ਉਨ੍ਹਾਂ ਨੇ ਆਪਣੀਆਂ ਸ਼ਰਤਾਂ ਬਾਰੇ ਕਿਹਾ ਸੀ, ਉਹ ਨਾ ਲਾਗੂ ਕਰਨ ‘ਤੇ ਉਨ੍ਹਾਂ ਮੁਲਕਾਂ ‘ਤੇ ਭਾਰੀ ਟੈਰਿਫ ਵੀ ਲਾਏ ਗਏ, ਜਿਸ ਨਾਲ ਅਮਰੀਕਾ ਕੋਲ 3 ਟ੍ਰਿਲੀਅਨ ਡਾਲਰ ਦੇ ਨਜ਼ਦੀਕ ਮਾਲੀਆ ਇਕੱਤਰ ਹੋਇਆ ਹੈ। ਪਿਛਲੇ ਲੰਮੇ ਸਮੇਂ ਤੋਂ ਪਰਿਵਾਰਕ ਵੀਜ਼ਿਆਂ ‘ਤੇ ਵੀ ਠੱਲ੍ਹ ਪਈ ਹੈ। ਜਿਨ੍ਹਾਂ ਨਾਗਰਿਕਾਂ ਨੇ ਆਪਣੇ ਰਿਸ਼ਤੇਦਾਰ ਲਈ ਅਪਲਾਈ ਕੀਤਾ ਸੀ, ਉਹ ਕੇਸ ਫਰੀਜ਼ ਕਰ ਦਿੱਤੇ ਗਏ ਹਨ, ਜਿਸ ਕਰਕੇ ਬਾਹਰੋਂ ਆਉਣ ਵਾਲੇ ਨਵੇਂ ਲੋਕਾਂ ਨੂੰ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪਿਆ ਹੈ। ਜਿੱਥੇ ਰਾਸ਼ਟਰਪਤੀ ਟਰੰਪ ਨੇ ਗੈਰ ਕਾਨੂੰਨੀ ਲੋਕਾਂ ਨੂੰ ਅਮਰੀਕਾ ਆਉਣ ਤੋਂ



ਵਰਜਿਆ ਹੈ, ਉਥੇ ਕਾਨੂੰਨੀ ਤੌਰ ‘ਤੇ ਅਮਰੀਕੀ ਨਾਗਰਿਕਤਾ ਪ੍ਰਾਪਤ ਕਰਨ ਵਾਲੇ ਲੋਕਾਂ ‘ਤੇ ਵੀ ਅੰਦਰਖਾਤੇ ਨੱਥ ਕੱਸੀ ਗਈ ਹੈ। ਰਾਸ਼ਟਰਪਤੀ ਟਰੰਪ ਨੇ ਭਾਵੇਂ ਦੂਜੇ ਚਲੰਤ ਵੀਜ਼ਿਆਂ ‘ਤੇ ਰੋਕ ਲਗਾਈ ਹੈ। ਪਰ ਉਨ੍ਹਾਂ ਨੇ ਆਪਣੇ ਦੂਜੇ ਕਾਰਜਕਾਲ ਵਿਚ ‘ਟਰੰਪ ਗੋਲਡ ਵੀਜ਼ਾ’ ਚਲਾ ਕੇ ਅਮੀਰ ਲੋਕਾਂ ਨੂੰ ਅਮਰੀਕਾ ਵਿਚ ਆਣ ਕੇ ਵੱਸਣ ਦਾ ਸੱਦਾ ਦਿੱਤਾ ਹੈ, ਜਿਸ ਦਾ ਭਾਰੀ ਰਿਸਪਾਂਸ ਮਿਲਿਆ ਹੈ। ਰਾਸ਼ਟਰਪਤੀ ਟਰੰਪ ਨੇ ਇਸ ਸਮੇਂ ਦੌਰਾਨ ਬਹੁਤ ਸਾਰੇ ਦੇਸ਼ਾਂ ‘ਤੇ ਪਾਬੰਦੀਆਂ ਵੀ ਲਾਈਆਂ ਹਨ ਅਤੇ ਉਨ੍ਹਾਂ ਦੇਸ਼ਾਂ ਨਾਲ ਸੰਬੰਧਤ ਇੰਮੀਗ੍ਰੇਸ਼ਨ ਅਰਜ਼ੀਆਂ ‘ਤੇ ਸੰਪੂਰਨ ਜਾਂ ਅੰਸ਼ਿਕ ਰੋਕਾਂ ਲਗਾ ਦਿੱਤੀਆਂ ਗਈਆਂ ਹਨ। ਇਸ ਦੌਰਾਨ ਰਾਸ਼ਟਰਪਤੀ ਟਰੰਪ ਨੇ ਵੈਨਜ਼ੁਏਲਾ ‘ਤੇ ਬੜੇ ਨਾਟਕੀ ਢੰਗ ਨਾਲ ਕਬਜ਼ਾ ਕੀਤਾ ਅਤੇ ਉਥੋਂ ਦੇ ਰਾਸ਼ਟਰਪਤੀ ਅਤੇ ਉਸ ਦੀ ਪਤਨੀ ਨੂੰ ਗ੍ਰਿਫਤਾਰ ਕਰਕੇ ਅਮਰੀਕਾ ਲਿਆਂਦਾ ਗਿਆ। ਬਾਹਰਲੇ ਦੇਸ਼ਾਂ ਤੋਂ ਅਮਰੀਕਾ ਆਉਣ ਵਾਲੇ ਲੋਕਾਂ ਦੀ ਕਮੀ ਕਾਰਨ ਇੱਥੇ ਕਾਮਿਆਂ ਦੀ ਭਾਰੀ ਕਮੀ ਪਾਈ ਜਾ ਰਹੀ ਹੈ। ਖੇਤੀਬਾੜੀ, ਕੰਸਟ੍ਰਕਸ਼ਨ ਅਤੇ ਹੋਰ ਵਪਾਰਕ ਅਦਾਰਿਆਂ ਵਿਚ ਕਾਮਿਆਂ ਦੀ ਕਮੀ ਕਾਰਨ ਮਾਲਕਾਂ ਨੂੰ ਕਾਫੀ ਨੁਕਸਾਨ ਉਠਾਉਣਾ ਪਿਆ ਹੈ। ਰਾਸ਼ਟਰਪਤੀ ਟਰੰਪ ਨੇ ਆਪਣੇ ਇਸ ਕਾਰਜਕਾਲ ਦੌਰਾਨ ਬਹੁਤ ਸਾਰੇ ਦੇਸ਼ਾਂ ਦੀ ਜਿੱਥੇ ਖੁਦ ਵੀ ਯਾਤਰਾ ਕੀਤੀ, ਉਥੇ ਦੂਜੇ ਦੇਸ਼ਾਂ ਦੇ ਮੁਖੀਆਂ ਨੂੰ ਵ੍ਹਾਈਟ ਹਾਊਸ ਸੱਦ ਕੇ ਅੰਤਰਰਾਸ਼ਟਰੀ ਮਸਲਿਆਂ ‘ਤੇ ਵੀ ਚਰਚਾ ਕੀਤੀ। ਇੱਥੇ ਇਹ ਵੀ ਜ਼ਿਕਰਯੋਗ ਹੈ ਕਿ ਰਾਸ਼ਟਰਪਤੀ ਟਰੰਪ ਜੋ ਕਹਿੰਦੇ ਹਨ, ਉਸ ‘ਤੇ ਖਰਾ ਉਤਰਦੇ ਹਨ। ਇਸੇ ਕਰਕੇ ਉਨ੍ਹਾਂ ਨੇ ਆਪਣੀ ਦੂਜੀ ਵਾਰੀ ਦੀਆਂ ਚੋਣਾਂ ਦੌਰਾਨ ਕੰਮਾਂ ਬਾਰੇ ਜੋ ਐਲਾਨ ਕੀਤੇ ਸਨ, ਉਸ ‘ਤੇ ਖਰਾ ਉਤਰ ਰਹੇ ਹਨ।

Space available for Ad
Contact # +1 (209) 303-1260


JVS LOGISTICS
2345 Enterprise Park Place Indianapolis Indiana, 46218
• ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
• ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
• ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ
• ਕਰਾਸ ਡੌਕ ਸੇਵਾਵਾਂ
• ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
• ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
• ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
• ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ
jvslogisticsllc@outlook.com
JUGDEV SAMRA (317) 379-4065
SUKHDEV SAMRA (317) 250-3545
ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841 +1-917-915-4142
FREMONT, CA
3155 KEARNEY ST, SUITE #248, FREMONT, CA 94538 +1-510-657-6444
NEW YORK, NY
108-14 JAMAICA AVENUE, RICHMOND HILL, NY 11418 +1-718-533-8444
FRESNO, CA
1625 E SHAW AVE #122, FRESNO, CA 93711 +1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820 +1-732-453-6699
LOS ANGELES, CA
1013 N BEGONIA AVE, ONTARIO, CA 91762 +1-917-915-4142
CONTACT
+1-917-915-4142
Jaspreetsinghlaoffice@gmail.com


JK TYRE INC
JK TYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
Feel the difference BARKLEY
PIRELLI
MICHELIN A better way forward
BRIDGESTONE
Firestone
YOKOHAMA
PEARLY
NAMA
TOYO TIRES driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205

# ਮਾਘੀ ਮੇਲਾ, ਸਿਆਸੀ ਕਾਨਫ਼ਰੰਸਾਂ ਅਤੇ ਸਿੱਖ ਰਾਜਨੀਤੀ ਦੀ ਦਿਸ਼ਾ



ਮਾਘੀ ਦਾ ਮੇਲਾ ਸਿੱਖ ਇਤਿਹਾਸ ਵਿੱਚ ਕੇਵਲ ਧਾਰਮਿਕ ਮਹੱਤਤਾ ਹੀ ਨਹੀਂ ਰੱਖਦਾ, ਸਗੋਂ ਇਹ ਪੰਥਕ ਅਤੇ ਸਿਆਸੀ ਚੇਤਨਾ ਦਾ ਪ੍ਰਮੁੱਖ ਕੇਂਦਰ ਵੀ ਰਿਹਾ ਹੈ। ਸ੍ਰੀ ਮੁਕਤਸਰ ਸਾਹਿਬ ਦੀ ਧਰਤੀ, ਜਿੱਥੇ ਚਾਲੀ ਮੁਕਤਿਆਂ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਚਰਨਾਂ ਵਿੱਚ ਸ਼ਹਾਦਤ ਦਿੱਤੀ, ਸਦਾ ਤੋਂ ਹੀ ਸਿੱਖਾਂ ਦੀ ਹੋਂਦ ,ਉਮੀਦਾਂ ਅਤੇ ਸੰਘਰਸ਼ਾਂ ਦੀ ਆਵਾਜ਼ ਬਣਦੀ ਆਈ ਹੈ।

ਇਸ ਸਾਲ ਮਾਘੀ ਮੇਲੇ ਮੌਕੇ ਹੋਈਆਂ ਵੱਖ-ਵੱਖ ਸਿਆਸੀ ਕਾਨਫ਼ਰੰਸਾਂ ਵਿੱਚ ਸੱਤਾਧਾਰੀ ਆਮ ਆਦਮੀ ਪਾਰਟੀ, ਬਾਦਲ ਦਲ, ਭਾਜਪਾ ਅਤੇ ਵਾਰਿਸ ਪੰਜਾਬ ਅਕਾਲੀ ਦਲ ਵੱਲੋਂ ਪੰਜਾਬ ਦੀ ਸੱਤਾ, ਸੂਬੇਦਾਰੀ ਅਤੇ ਪ੍ਰਸ਼ਾਸਨਿਕ ਹਕੂਮਤ ਹਾਸਲ ਕਰਨ ਦੇ ਦਾਅਵੇ ਕੀਤੇ ਗਏ। ਹਰ ਪਾਰਟੀ ਨੇ ਆਪਣੇ-ਆਪਣੇ ਤਰੀਕੇ ਨਾਲ ਵਿਕਾਸ, ਸੁਰਾਜ ਅਤੇ ਲੋਕ-ਹਿੱਤ ਦੀ ਗੱਲ ਕੀਤੀ। ਪਰ ਇਨ੍ਹਾਂ ਸਾਰੀਆਂ ਦਾਅਵੇਦਾਰੀਆਂ ਦੇ ਵਿਚਕਾਰ ਇੱਕ ਆਵਾਜ਼ ਐਸੀ ਵੀ ਸੀ, ਜੋ ਸੱਤਾ ਦੀ ਨਹੀਂ ਸਗੋਂ ਕੌਮੀ ਹੋਂਦ ਦੀ ਗੱਲ ਕਰਦੀ ਰਹੀ ਇਹ ਆਵਾਜ਼ ਸੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਇਸ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੀ।

**ਸੱਤਾ ਦੀ ਰਾਜਨੀਤੀ ਬਨਾਮ ਕੌਮੀ ਰਾਜਨੀਤੀ**

ਪਿਛਲੇ ਕਈ ਦਹਾਕਿਆਂ ਤੋਂ ਪੰਜਾਬ ਦੀ ਮੁੱਖਧਾਰਾ ਸਿਆਸਤ ਸੂਬਾਈ ਸੱਤਾ ਦੇ ਆਲੇ ਦੁਆਲੇ ਘੁੰਮਦੀ ਆ ਰਹੀ ਹੈ। ਕੌਣ ਮੁੱਖ ਮੰਤਰੀ ਬਣੇਗਾ, ਕੌਣ ਸਰਕਾਰ ਚਲਾਏਗਾ, ਕੌਣ ਕੇਂਦਰ ਨਾਲ ਵਧੀਆ ਤਾਲਮੇਲ ਬਣਾਏਗਾ ਇਹ ਸਾਰੇ ਮੁੱਦੇ ਚੋਣ ਮੰਚਾਂ ਉੱਤੇ ਹਾਵੀ ਰਹੇ ਹਨ। ਪਰ ਸਿੱਖ ਕੌਮ ਦੇ ਸਾਹਮਣੇ ਸਵਾਲ ਸਿਰਫ਼ ਪ੍ਰਸ਼ਾਸਨਿਕ ਨਹੀਂ, ਸਗੋਂ ਕੌਮੀ ਪਛਾਣ ਦੇ ਵੀ ਹਨ ਧਾਰਮਿਕ ਆਜ਼ਾਦੀ, ਰਾਜਨੀਤਕ ਹੱਕ, ਪਾਣੀ-ਜ਼ਮੀਨ ਦੇ ਮਸਲੇ, ਕੇਂਦਰੀ ਦਖ਼ਲਅੰਦਾਜ਼ੀ ਅਤੇ 1984 ਤੋਂ ਬਾਅਦ ਨਾ ਮਿਲਿਆ ਇਨਸਾਫ਼ ਅਤੇ ਸਿੱਖਾਂ ਦੀ ਲਗਾਤਾਰ ਕੀਤੀ ਜਾ ਰਹੀ ਨਸਲਕੁਸ਼ੀ।

ਇਸ ਪਿਛੋਕੜ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਦਾ ਮੁੱਖਧਾਰਾ ਤੋਂ ਵੱਖਰੀ ਲਕੀਰ ਖਿੱਚੀ ਹੈ। ਪਾਰਟੀ ਨੇ ਕਦੇ ਵੀ ਸਿਰਫ਼ ਸੱਤਾ ਦੀ ਲਾਲਸਾ ਨੂੰ ਆਪਣਾ ਉਦੇਸ਼ ਨਹੀਂ ਬਣਾਇਆ, ਸਗੋਂ ਸਿੱਖ ਕੌਮ ਦੇ ਲੰਬੇ ਸਮੇਂ ਦੇ ਹਿੱਤਾਂ, ਹੱਕਾਂ ਅਤੇ ਆਜ਼ਾਦੀ ਦੇ ਪ੍ਰਸ਼ਨਾਂ ਨੂੰ ਕੇਂਦਰਿਤ ਕੀਤਾ ਹੈ।

**ਸਿਮਰਨਜੀਤ ਸਿੰਘ ਮਾਨ: ਇੱਕ ਅਡਿੱਗ ਪੰਥਕ ਆਵਾਜ਼**

ਸਿਮਰਨਜੀਤ ਸਿੰਘ ਮਾਨ ਪਿਛਲੇ ਚਾਲੀ ਸਾਲਾਂ ਤੋਂ ਵੱਧ ਸਮੇਂ ਤੋਂ ਸਿੱਖ ਕੌਮ ਦੇ ਰਾਜਨੀਤਕ ਅਧਿਕਾਰਾਂ ਦੀ ਗੱਲ ਕਰਦੇ ਆ ਰਹੇ ਹਨ। ਉਨ੍ਹਾਂ ਦੀ ਸਿਆਸਤ ਸਹਿਮਤੀ ਜਾਂ ਸਮਝੌਤਿਆਂ ਉੱਤੇ ਨਹੀਂ, ਸਗੋਂ ਅਸੂਲਾਂ ਉੱਤੇ ਟਿਕੀ ਰਹੀ ਹੈ। ਚਾਹੇ ਉਹ ਸੰਸਦ ਵਿੱਚ ਉਨ੍ਹਾਂ ਦੀ ਹਾਜ਼ਰੀ ਹੋਵੇ ਜਾਂ ਜਨਤਕ ਮੰਚਾਂ ਤੋਂ ਕੀਤੇ ਗਏ ਬਿਆਨ ਮਾਨ ਨੇ ਹਮੇਸ਼ਾਂ ਸਿੱਖਾਂ ਲਈ ਇੱਕ ਵੱਖਰੀ, ਖ਼ੁਦਮੁਖ਼ਤਿਆਰ ਸਿਆਸੀ ਪਹਿਚਾਣ ਦੀ ਵਕਾਲਤ ਕੀਤੀ ਹੈ। ਪਿਛਲੇ ਸਾਲ ਪਾਕਿਸਤਾਨ ਨਾਲ ਹੋਏ ਖੜਕੇ ਦੜਕੇ ਵਿੱਚ ਨਿਊਕਲੀਅਰ ਜੰਗ ਦੀ ਚਿੰਤਾਂ ਵਿੱਚ ਸਿਮਰਨਜੀਤ ਸਿੰਘ ਮਾਨ ਵਲੋ ਵੱਖੋ ਵੱਖ ਅਦਾਰਿਆਂ ਨਾਲ ਕੀਤਾ ਰਾਬਤਾ ਇੱਕ ਪੜ੍ਹੇ ਲਿਖੇ ਸਿਆਸਤਦਾਨ ਤੇ ਨਾਲ ਨਾਲ ਇਕ ਸੱਚੇ ਸਿੱਖ ਦੀ ਪਛਾਣ ਦੱਸਦਾ ਹੈ ਇਸ ਤਰਾਂ ਦਾ ਪੱਤਰ ਵਿਹਾਰ ਦੇ ਪੱਧਰ ਦੀ ਦੂਰ ਅੰਦੇਸ਼ੀ ਦੀ ਸੋਚ ਵਾਲਾ ਪੰਜਾਬ ਹੀ ਨਹੀਂ ਪੂਰੇ ਭਾਰਤ ਕੋਲ ਕੋਈ ਆਗੂ ਨਹੀਂ ਹੈ

ਮਾਘੀ ਮੇਲੇ ਮੌਕੇ ਵੀ ਜਦੋਂ ਹੋਰ ਪਾਰਟੀਆਂ ਸੂਬੇ ਦੀ ਸੱਤਾ ਦੀ ਗੱਲ ਕਰ ਰਹੀਆਂ ਸਨ, ਤਦ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਖ਼ਾਲਿਸਤਾਨ ਦੀ ਪ੍ਰਾਪਤੀ ਦੀ ਗੱਲ ਮੁੜ ਦੁਹਰਾਈ ਗਈ।

ਇਹ ਗੱਲ ਕਈਆਂ ਲਈ ਵਿਵਾਦਿਤ ਹੋ ਸਕਦੀ ਹੈ, ਪਰ ਇਹ ਨਕਾਰਿਆ ਨਹੀਂ ਜਾ ਸਕਦਾ ਕਿ ਇਹ ਉਦੇਸ਼ ਇੱਕ ਲੰਬੇ ਸੰਘਰਸ਼, ਕੁਰਬਾਨੀਆਂ ਅਤੇ ਇਤਿਹਾਸਕ ਤਜਰਬਿਆਂ ਤੋਂ ਜੰਮਿਆ ਹੋਇਆ ਹੈ।

**ਪੰਥਕ ਘਾਲਣਾ ਦਾ ਉਸਾਰੂ ਪੱਖ**

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੀ ਸਭ ਤੋਂ ਵੱਡੀ ਪੂੰਜੀ ਇਸ ਦੀ ਸਥਿਰਤਾ ਹੈ। ਜਿੱਥੇ ਹੋਰ ਪਾਰਟੀਆਂ ਸਮੇਂ ਦੇ ਨਾਲ ਆਪਣੇ ਉਦੇਸ਼ , ਅਸੂਲ ਬਦਲਦੀਆਂ ਰਹੀਆਂ, ਉੱਥੇ ਮਾਨ ਦੀ ਅਗਵਾਈ ਹੇਠ ਇਹ ਪਾਰਟੀ ਆਪਣੇ ਅਸੂਲਾਂ 'ਤੇ ਕਾਇਮ ਰਹੀ।

ਇਸ ਘਾਲਣਾ ਦਾ ਨਤੀਜਾ ਇਹ ਹੈ ਕਿ ਅੱਜ ਵੀ ਕੌਮੀ ਸੋਚ ਰੱਖਣ ਵਾਲੇ ਸਿੱਖਾਂ ਵਿੱਚ ਇਸ ਪਾਰਟੀ ਲਈ ਇੱਕ ਸਨਮਾਨ ਅਤੇ ਭਰੋਸਾ ਮੌਜੂਦ ਹੈ।

ਇਸ ਪੰਥਕ ਰਾਜਨੀਤੀ ਨੇ ਨਵੀਂ ਪੀੜ੍ਹੀ ਨੂੰ ਸਵਾਲ ਪੁੱਛਣ ਦੀ ਹਿੰਮਤ ਦਿੱਤੀ ਹੈ ਕੀ ਸਿਰਫ਼ ਸੂਬਾਈ ਸੱਤਾ ਨਾਲ ਸਿੱਖਾਂ ਦੇ ਸਾਰੇ ਮੁੱਦੇ ਹੱਲ ਹੋ ਸਕਦੇ ਹਨ? ਕੀ ਕੇਂਦਰੀ ਢਾਂਚੇ ਵਿੱਚ ਰਹਿੰਦੇ ਹੋਏ ਪੂਰੀ ਧਾਰਮਿਕ ਅਤੇ ਰਾਜਨੀਤਕ ਆਜ਼ਾਦੀ ਸੰਭਵ ਹੈ? ਇਹ ਸਵਾਲ ਹੀ ਕਿਸੇ ਵੀ ਸਿਹਤਮੰਦ ਕੌਮੀ ਚਰਚਾ ਦੀ ਸ਼ੁਰੂਆਤ ਹੁੰਦੇ ਹਨ।

**ਨਤੀਜਾ**

ਮਾਘੀ ਮੇਲੇ ਦੀਆਂ ਸਿਆਸੀ ਕਾਨਫ਼ਰੰਸਾਂ ਨੇ ਇੱਕ ਵਾਰ ਫਿਰ ਸਪਸ਼ਟ ਕਰ ਦਿੱਤਾ ਹੈ ਕਿ ਪੰਜਾਬ ਦੀ ਰਾਜਨੀਤੀ ਵਿੱਚ ਦੋ ਧਾਰਾਵਾਂ ਇਕੱਠੇ ਚੱਲ ਰਹੀਆਂ ਹਨ ਇੱਕ ਸੱਤਾ ਕੇਂਦਰਿਤ ਅਤੇ ਦੂਜੀ ਹੋਂਦ ਕੇਂਦਰਿਤ। ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਅਤੇ ਸਿਮਰਨਜੀਤ ਸਿੰਘ ਮਾਨ ਇਸ ਦੂਜੀ ਧਾਰਾ ਦੇ ਪ੍ਰਮੁੱਖ ਪ੍ਰਤੀਨਿਧ ਹਨ।

ਭਾਵੇਂ ਉਨ੍ਹਾਂ ਦੀ ਸੋਚ ਨਾਲ ਸਹਿਮਤ ਹੋਣਾ ਜਾਂ ਨਾ ਹੋਣਾ ਵੱਖਰਾ ਮਸਲਾ ਹੈ, ਪਰ ਇਹ ਮੰਨਣਾ ਪਵੇਗਾ ਕਿ ਉਨ੍ਹਾਂ ਨੇ ਸਿੱਖ ਕੌਮ ਦੇ ਕੌਮੀ ਅਧਿਕਾਰਾਂ ਦੀ ਚਰਚਾ ਨੂੰ ਜਿਊਂਦਾ ਰੱਖਿਆ ਹੈ। ਇਹੀ ਪੰਥਕ ਘਾਲਣਾ ਦਾ ਸਭ ਤੋਂ ਵੱਡਾ ਉਸਾਰੂ ਪੱਖ ਹੈ ਚੁੱਪ ਦੇ ਸਮੇਂ ਵਿੱਚ ਆਵਾਜ਼ ਬਣੇ ਰਹਿਣਾ ਅਤੇ ਭੀੜ ਦੇ ਵਿਰੁੱਧ ਵੀ ਆਪਣੇ ਅਸੂਲਾਂ ਉੱਤੇ ਡਟੇ ਰਹਿਣਾ।

**ਵੱਲੋਂ-ਪ੍ਰੋ ਬਲਜਿੰਦਰ ਸਿੰਘ ਮੋਰਜੰਡ,ਸੰਤ ਬਲਬੀਰ ਸਿੰਘ ਸ਼ਿਕਾਗੋ ਤੇ ਮੱਖਣ ਸਿੰਘ ਕਲੇਰ**

# ਅਮਰੀਕਾ ਵੀਜ਼ਾ ਬੁਲੇਟਿਨ: ਲੰਮੇ ਸਮੇਂ ਤੋਂ ਪਰਿਵਾਰਕ ਵੀਜ਼ਾ ਅਰਜ਼ੀਆਂ 'ਚ ਨਹੀਂ ਹੋ ਰਹੀ ਕੋਈ ਹਿਲਜੁੱਲ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਯੂ.ਐੱਸ. ਡਿਪਾਰਟਮੈਂਟ ਆਫ ਸਟੇਟ ਵੱਲੋਂ ਫਰਵਰੀ 2026 ਦਾ ਵੀਜ਼ਾ ਬੁਲੇਟਿਨ ਜਾਰੀ ਕਰ ਦਿੱਤਾ ਗਿਆ ਹੈ। ਸਿਵਾਏ ਇੱਕ-ਅੱਧ ਕੈਟਾਗਰੀ ਦੇ, ਅਮਰੀਕਾ ਦੇ ਪਰਿਵਾਰਕ ਵੀਜ਼ਿਆਂ ਵਿਚ ਪਿਛਲੇ ਲੰਮੇ ਸਮੇਂ ਤੋਂ ਕੋਈ ਹਿਲਜੁੱਲ ਦੇਖਣ ਨੂੰ ਨਹੀਂ ਮਿਲ ਰਹੀ, ਜਿਸ ਕਰਕੇ ਜਿਨ੍ਹਾਂ ਪਰਿਵਾਰਾਂ ਨੇ ਆਪਣੇ ਰਿਸ਼ਤੇਦਾਰਾਂ ਨੂੰ ਸਪਾਂਸਰ ਕੀਤਾ ਹੈ। ਉਨ੍ਹਾਂ ਵਿਚ ਕਾਫੀ ਨਿਰਾਸ਼ਾ ਪਾਈ ਜਾ ਰਹੀ ਹੈ।

ਯੂ.ਐੱਸ. ਡਿਪਾਰਟਮੈਂਟ ਆਫ ਸਟੇਟ ਵੱਲੋਂ ਫਰਵਰੀ 2026 ਦੇ ਜਾਰੀ ਕੀਤੇ ਵੀਜ਼ਾ ਬੁਲੇਟਿਨ ਵਿਚ ਵੀ ਅਜਿਹਾ ਹੀ ਦੇਖਣ ਨੂੰ ਮਿਲ ਰਿਹਾ ਹੈ। ਕਿਸੇ ਵੀ ਕੈਟਾਗਰੀ 'ਚ ਕੋਈ ਵੀ ਹਿੱਲਜੁੱਲ ਦੇਖਣ ਨੂੰ ਨਹੀਂ ਮਿਲੀ। ਸਿਰਫ ਪਰਿਵਾਰਕ ਸਪਾਂਸਰਡ ਵੀਜ਼ਾ ਅਰਜ਼ੀਆਂ ਭਰਨ ਦੀਆਂ ਤਰੀਖਾਂ ਲਈ ਐਫ-2ਏ ਕੈਟਾਗਰੀ 'ਚ ਹੀ 1 ਮਹੀਨੇ ਦਾ ਵਾਧਾ ਦੇਖਣ ਨੂੰ ਮਿਲਿਆ ਹੈ।

ਜਿੱਥੇ ਅਮਰੀਕਾ ਨੇ ਗੈਰ ਕਾਨੂੰਨੀ ਲੋਕਾਂ ਦਾ ਬਾਰਡਰ ਤੋਂ ਲਾਂਘਾ ਬੰਦ ਕਰ ਦਿੱਤਾ ਹੈ, ਉਥੇ ਹੁਣ ਕਾਨੂੰਨੀ ਤੌਰ 'ਤੇ ਆ ਰਹੇ ਪ੍ਰਵਾਸੀਆਂ ਨੂੰ ਵੀ ਰੋਕਿਆ ਜਾਣ ਲੱਗ ਪਿਆ ਹੈ। ਫਰਵਰੀ 2026 ਦਾ ਵੀਜ਼ਾ ਬੁਲੇਟਿਨ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਇਸ ਕੈਟਾਗਰੀ ਵਿਚ ਕੋਈ ਵੀ ਹਿੱਲਜੁੱਲ ਨਹੀਂ ਹੋਈ।

ਫਾਈਨਲ ਐਕਸ਼ਨ ਡੇਟ ਵਿਚ ਞ-1 ਕੈਟਾਗਰੀ 'ਚ ਆਉਂਦੇ ਅਮਰੀਕਨ ਸਿਟੀਜ਼ਨ ਦੇ 21 ਸਾਲ ਤੋਂ ਘੱਟ ਉਮਰ ਦੇ ਅਣਵਿਆਹੇ ਬੱਚੇ, ਉਨ੍ਹਾਂ ਦੀ ਸਮਾਂ ਸੂਚੀ 8 ਨਵੰਬਰ, 2016 ਚੱਲ ਰਹੀ ਹੈ।

ਗਰੀਨ ਕਾਰਡ ਹੋਲਡਰ ਪਤੀ-ਪਤਨੀ ਦੇ 21 ਸਾਲ ਤੋਂ ਘੱਟ ਬੱਚੇ, ਜਿਹੜੇ ਕਿ ਐਫ-2ਏ ਕੈਟਾਗਰੀ 'ਚ ਆਉਂਦੇ ਹਨ, ਉਨ੍ਹਾਂ ਦੀ ਤਰੀਕ 1 ਫਰਵਰੀ, 2024 ਹੈ।

ਗਰੀਨ ਕਾਰਡ ਹੋਲਡਰ ਵੱਲੋਂ ਅਪਲਾਈ ਕੀਤੇ 21 ਸਾਲ ਤੋਂ ਵੱਧ ਉਮਰ ਦੇ ਬੱਚੇ, ਜੋ ਕਿ ਐਫ-2ਬੀ ਕੈਟਾਗਰੀ ਨਾਲ ਸੰਬੰਧਤ ਹਨ, ਅਰਜ਼ੀਕਾਰਾਂ ਦੀ ਉਡੀਕ ਮਿਤੀ ਇਸ ਵੇਲੇ 1 ਦਸੰਬਰ, 2016 ਹੈ।

ਯੂ.ਐੱਸ. ਸਿਟੀਜ਼ਨ ਦੇ ਵਿਆਹੇ ਹੋਏ ਬੱਚੇ ਤੇ ਉਨ੍ਹਾਂ ਦੇ ਅੱਗਿਓਂ ਛੋਟੇ ਬੱਚੇ ਯਾਨੀ ਕਿ ਐਫ-3 ਕੈਟਾਗਰੀ ਲਈ ਜਿਨ੍ਹਾਂ ਨੇ ਅਪਲਾਈ ਕੀਤਾ ਹੈ, ਉਨ੍ਹਾਂ ਦੀ ਤਰੀਕ 8 ਸਤੰਬਰ, 2011 ਚੱਲ ਰਹੀ ਹੈ।

ਅਮਰੀਕਾ ਦੇ ਜਿਹੜੇ ਸਿਟੀਜ਼ਨ ਨਾਗਰਿਕਾਂ ਵੱਲੋਂ ਭਾਰਤ 'ਚ ਰਹਿ ਰਹੇ ਆਪਣੇ ਭੈਣਾਂ-ਭਰਾਵਾਂ ਨੂੰ ਐਫ-4 ਕੈਟਾਗਰੀ ਲਈ ਅਪਲਾਈ ਕੀਤਾ ਹੈ, ਅਤੇ ਭੈਣ-ਭਰਾਵਾਂ ਅਤੇ ਉਨ੍ਹਾਂ ਦੇ ਬੱਚੇ ਜਿਹੜੇ 21 ਸਾਲ ਤੋਂ ਘੱਟ ਹਨ, ਉਨ੍ਹਾਂ ਲਈ ਤਰੀਕ 1 ਨਵੰਬਰ, 2006 ਚੱਲ ਰਹੀ ਹੈ।

ਪਰਿਵਾਰਕ ਸਪਾਂਸਰਡ ਵੀਜ਼ਾ ਅਰਜ਼ੀਆਂ ਭਰਨ ਦੀਆਂ ਤਾਰੀਖਾਂ ਲਈ ਫਰਵਰੀ ਵੀਜ਼ਾ ਬੁਲੇਟਿਨ ਦੀਆਂ ਤਰੀਕਾਂ ਇਸ ਤਰ੍ਹਾਂ ਹਨ :

ਐਫ-1 ਕੈਟਾਗਰੀ ਲਈ 1 ਸਤੰਬਰ 2017, ਐਫ-2ਏ ਕੈਟਾਗਰੀ ਲਈ 22 ਜਨਵਰੀ 2026, ਐਫ-2ਬੀ ਕੈਟਾਗਰੀ ਲਈ 15 ਮਾਰਚ, 2017, ਐਫ-3 ਕੈਟਾਗਰੀ ਲਈ 22 ਜੁਲਾਈ, 2012 ਅਤੇ ਐਫ-4 ਕੈਟਾਗਰੀ ਲਈ 15 ਦਸੰਬਰ, 2006 ਵਾਲਿਆਂ ਕੋਲੋਂ ਸਪੋਰਟਿੰਗ ਪੇਪਰ ਮੰਗਵਾਏ ਜਾ ਰਹੇ ਹਨ।

# ਆਈਸੀਈ ਅਧਿਕਾਰੀਆਂ ਨੂੰ ਗ੍ਰਿਫ਼ਤਾਰੀਆਂ ਕਰਨ ਲਈ ਇਨਾਮ ਦਿੱਤੇ ਜਾਣਗੇ

ਵਾਸ਼ਿੰਗਟਨ
ਸਾਂਝੀ ਸੋਚ ਬਿਊਰੋ

ਅਮਰੀਕਾ ਪ੍ਰਸ਼ਾਸਨ ਨੇ ਹੁਣ ਗੈਰ ਕਾਨੂੰਨੀ ਲੋਕਾਂ ਨੂੰ ਫੜਨ ਲਈ ਆਈਸੀਈ ਅਧਿਕਾਰੀਆਂ ਨੂੰ ਵਿਸ਼ੇਸ਼ ਅਧਿਕਾਰ ਦਿੱਤੇ ਹਨ। ਉਨ੍ਹਾਂ ਨੂੰ ਗੈਰ ਕਾਨੂੰਨੀ ਲੋਕਾਂ ਦੀਆਂ ਗ੍ਰਿਫਤਾਰੀਆਂ ਕਰਨ ਲਈ ਇਨਾਮ ਦਿੱਤੇ ਜਾਣਗੇ। ਇਸ ਵਕਤ ਆਈਸੀਈ ਏਜੰਟਾਂ 'ਤੇ ਗ੍ਰਿਫਤਾਰੀਆਂ ਕਰਨ ਲਈ ਭਾਰੀ ਦਬਾਅ ਹੈ। ਕਿਉਂਕਿ ਏਜੰਸੀ ਨੇ ਦੇਸ਼ ਭਰ ਵਿਚ 3 ਹਜ਼ਾਰ ਗ੍ਰਿਫਤਾਰੀਆਂ ਦਾ ਰੋਜ਼ਾਨਾ ਕੋਟਾ ਨਿਰਧਾਰਿਤ ਕੀਤਾ ਹੈ।ਆਈਸੀਈ ਏਜੰਟਾਂ ਵੱਲੋਂ ਗ੍ਰਿਫਤਾਰ ਕੀਤੇ ਲੋਕਾਂ ਨੂੰ ਜੇ ਬਾਅਦ ਵਿਚ ਛੱਡ ਵੀ ਦਿੱਤਾ ਜਾਂਦਾ ਹੈ, ਤਾਂ ਉਹ ਫਿਰ ਵੀ ਇਨਾਮ ਦੇ ਹੱਕਦਾਰ ਰਹਿਣਗੇ।ਯੂ.ਐੱਸ. ਡਿਪਾਰਟਮੈਂਟ ਆਫ਼ ਹੋਮਲੈਂਡ ਸਿਕਿਓਰਿਟੀ ਸੈਕਟਰੀ ਕ੍ਰਿਸਟੀ ਨੋਇਮ ਨੇ ਪਿਛਲੇ ਦਿਨੀਂ ਇਕ ਬਿਆਨ ਵਿਚ ਕਿਹਾ ਸੀ ਕਿ ਹੁਣ ਤੱਕ ਭਾਰੀ ਗਿਣਤੀ ਵਿਚ ਗੈਰ ਕਾਨੂੰਨੀ ਲੋਕਾਂ ਨੂੰ ਆਪਣੇ ਦੇਸ਼ਾਂ ਨੂੰ ਵਾਪਸ ਭੇਜਿਆ ਜਾ ਚੁੱਕਾ ਹੈ। ਪਰ ਰਾਸ਼ਟਰਪਤੀ ਟਰੰਪ ਵੱਲੋਂ ਹਾਲੇ ਵੀ ਸੰਤੁਸ਼ਟੀ ਨਹੀਂ ਪ੍ਰਗਟਾਈ ਜਾ ਰਹੀ। ਉਨ੍ਹਾਂ ਦਾ ਕਹਿਣਾ ਹੈ ਕਿ ਵੱਧ ਤੋਂ ਵੱਧ ਗੈਰ ਕਾਨੂੰਨੀ ਲੋਕਾਂ ਨੂੰ ਇੱਥੋਂ ਕੱਢਿਆ ਜਾਵੇ। ਇਸ ਦੇ ਲਈ ਸਾਲ 2026 ਦਾ




ਬਜਟ ਕੋਟਾ ਵੀ ਵਧਾ ਦਿੱਤਾ ਗਿਆ ਹੈ। ਇਹ ਰਾਸ਼ੀ ਹੁਣ ਇਸੇ ਕੰਮ 'ਤੇ ਖਰਚੀ ਜਾਵੇਗੀ।


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

**Kirandeep Kaur**
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Arrested ?
DUI ?
Drug Charges ?
Gun Violation ?
Ghuman Law Group
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਅੱਜ ਦੀ ਆਰਥਿਕਤਾ ਵਿੱਚ ਵੋਕੇਸ਼ਨਲ ਸਿੱਖਿਆ ਦੀ ਵਧਦੀ ਮਹੱਤਤਾ

ਅਜੋਕਾ ਯੁੱਗ ਤੇਜ਼ੀ ਨਾਲ ਤਕਨੀਕੀ ਵਿਕਾਸ ਕਰ ਰਿਹਾ ਹੈ ਅਤੇ ਕਿਰਤ ਕਮਾਈ ਬਦਲਾਅ ਨਾਲ ਭਰਪੂਰ ਹੈ, ਵੋਕੇਸ਼ਨਲ ਸਿੱਖਿਆ ਇੱਕ ਮਹੱਤਵਪੂਰਨ ਭਾਗ ਵਜੋਂ ਉਭਰ ਕੇ ਸਾਹਮਣੇ ਆਈ ਹੈ। ਜਿਵੇਂ ਜਿੰਦੀ ਉਦਯੋਗ ਵਿਕਸਿਤ ਹੁੰਦੇ ਹਨ ਅਤੇ ਕੌਸ਼ਲ ਵਾਲੇ ਕਰਮਚਾਰੀਆਂ ਦੀ ਲੋੜ ਵਧਦੀ ਹੈ, ਵੋਕੇਸ਼ਨਲ ਸਿੱਖਿਆ ਦੇ ਪ੍ਰੋਗਰਾਮਾਂ ਨੂੰ ਵਿਦਿਆਰਥੀਆਂ ਨੂੰ ਸਫਲ ਕੈਰੀਅਰ ਲਈ ਤਿਆਰ ਕਰਨ ਵਿੱਚ ਉਨ੍ਹਾਂ ਦੇ ਮਹੱਤਵ ਲਈ ਪਛਾਣ ਮਿਲ ਰਹੀ ਹੈ।ਵੋਕੇਸ਼ਨਲ ਸਿੱਖਿਆ, ਜਿਸਨੂੰ ਅਕਸਰ ਕੈਰੀਅਰ ਅਤੇ ਤਕਨੀਕੀ ਸਿੱਖਿਆ ਕਿਹਾ ਜਾਂਦਾ ਹੈ, ਵਿਦਿਆਰਥੀਆਂ ਨੂੰ ਵੱਖ-ਵੱਖ ਵਪਾਰਾਂ ਅਤੇ ਕਿੱਤਿਆਂ ਵਿੱਚ ਪ੍ਰਯੋਗਾਤਮਕ ਕੌਸ਼ਲ ਅਤੇ ਹੱਥਾਂ ਨਾਲ ਅਨੁਭਵ ਪ੍ਰਦਾਨ ਕਰਦੀ ਹੈ। ਸਿਹਤ ਸੰਭਾਲ ਅਤੇ ਜਾਣਕਾਰੀ ਤਕਨੀਕ ਤੋਂ ਲੈ ਕੇ ਨਿਰਮਾਣ ਅਤੇ ਖਾਣ-ਪੀਣ ਦੀਆਂ ਕਲਾਾਂ ਤੱਕ, ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਆਪਣੇ ਚੁਣੇ ਹੋਏ ਖੇਤਰਾਂ ਵਿੱਚ ਫਲਣ ਲਈ ਲੋੜੀਂਦੇ ਯੋਗਤਾਵਾਂ ਨਾਲ ਸਜਾਇਆ ਜਾਂਦਾ ਹੈ।ਕੌਸ਼ਲਾਂ ਦੇ ਅੰਤਰ ਨੂੰ ਪੂਰਾ ਕਰਨਾ ਆਧੁਨਿਕ ਆਰਥਿਕਤਾ ਦਾ ਇੱਕ ਸਭ ਤੋਂ ਤਾਜ਼ਾ ਮੁੱਦਾ ਕੌਸ਼ਲਾਂ ਦਾ ਅੰਤਰ ਹੈ ਉਹ ਫਰਕ ਜੋ ਨੌਕਰੀ ਦੇ ਮਾਲਿਕਾਂ ਨੂੰ ਲੋੜੀਂਦੇ ਕੌਸ਼ਲ ਅਤੇ ਨੌਕਰੀ ਦੇ ਖੋਜੀਆਂ ਦੇ ਕੋਲ ਮੌਜੂਦ ਹਨ। ਰਾਸ਼ਟਰ ਗਣਨਾ ਦਫਤਰ ਦੇ ਇੱਕ ਹਾਲੀਆ ਰਿਪੋਰਟ ਮੁਤਾਬਕ, ਕਰੀਬ 80% ਨੌਕਰੀ ਦੇ ਮਾਲਿਕਾਂ ਨੂੰ ਖੁਲੀ ਪੋਸਟਾਂ ਲਈ ਯੋਗ ਉਮੀਦਵਾਰ ਮਿਲਾਉਣ ਵਿੱਚ ਮੁਸ਼ਕਿਲ ਹੋ ਰਹੀ ਹੈ। ਵੋਕੇਸ਼ਨਲ ਸਿੱਖਿਆ ਇਸ ਚੁਣੌਤੀ ਦਾ ਹਲ ਪੇਸ਼ ਕਰਦੀ ਹੈ ਜਿਸ ਨਾਲ ਇੰਡਸਟਰੀ ਦੀਆਂ ਲੋੜਾਂ ਦੇ ਨਾਲ ਮਿਲਦੀ ਜੁਲਦੀ ਤਾਲਿਮ ਦਿੱਤੀ ਜਾਂਦੀ ਹਨ।"ਵੋਕੇਸ਼ਨਲ ਸਿੱਖਿਆ ਕੌਸ਼ਲਾਂ ਦੇ ਅੰਤਰ ਨੂੰ ਪੂਰਾ ਕਰਨ ਵਿੱਚ ਬਹੁਤ ਜ਼ਰੂਰੀ ਹੈ," ਡਾ. ਐਮੀਲੀ ਕਾਰਟਰ, ਇੱਕ ਸਿੱਖਿਆ ਨੀਤੀ ਵਿਸ਼ਾ ਮਾਹਿਰ ਕਹਿੰਦੀ ਹਨ। "ਇਹ ਪ੍ਰੋਗਰਾਮ ਵਿਦਿਆਰਥੀਆਂ ਨੂੰ ਸਬੰਧਤ ਕੌਸ਼ਲਾਂ ਦੇ ਨਾਲ-ਨਾਲ ਸਥਾਨਕ ਕਾਰੋਬਾਰਾਂ ਨਾਲ ਭਾਈਚਾਰੇ ਬਣਾਉਣ ਲਈ ਸਹਾਇਕ ਹਨ, ਇਹ ਸੁਨਿਸ਼ਚਿਤ ਕਰਦੇ ਹਨ ਕਿ ਤਾਲਿਮ ਉਦਯੋਗ ਦੀਆਂ ਲੋੜਾਂ ਦੇ ਅਨੁਸਾਰ ਹੈ।"

**ਨੌਕਰੀਆਂ ਦੇ ਮੌਕੇ ਵਧਾਉਣਾ**

ਵੋਕੇਸ਼ਨਲ ਸਿੱਖਿਆ ਦੇ ਫਾਇਦੇ ਵਿਦਿਆਰਥੀਆਂ ਤੱਕ ਹੀ ਸੀਮਿਤ ਨਹੀਂ ਹਨ; ਇਹ ਵੱਡੇ ਆਰਥਿਕ ਵਿਕਾਸ ਵਿੱਚ ਵੀ ਯੋਗਦਾਨ ਪਾਉਂਦੇ ਹਨ। ਜਿਵੇਂ ਉਦਯੋਗ ਮਾਹਿਰ ਕਿਰਤੀਆਂ ਦੀ ਲੋੜ ਰੱਖਦੇ ਹਨ, ਵੋਕੇਸ਼ਨਲ ਪ੍ਰੋਗਰਾਮ ਬੇਰੋਜ਼ਗਾਰੀ ਦੀ ਦਰ ਨੂੰ ਘਟਾਉਣ ਅਤੇ ਸਥਾਨਕ ਆਰਥਿਕਤਾ ਨੂੰ ਉਤਸ਼ਾਹਿਤ ਕਰਨ ਵਿੱਚ ਮਦਦ ਕਰ ਸਕਦੀ ਹੈ। ਰਾਸ਼ਟਰ ਕੰਮਕਾਰ ਅੰਕੜਿਆਂ ਦੇ ਦਫਤਰ ਦੇ ਇੱਕ ਰਿਪੋਰਟ ਮੁਤਾਬਕ, ਵੋਕੇਸ਼ਨਲ ਖੇਤਰਾਂ ਵਿੱਚ ਨੌਕਰੀਆਂ ਅਗਲੇ ਦਹਾਕੇ ਵਿੱਚ ਮਹੱਤਵਪੂਰਨ ਰੂਪ ਵਿੱਚ ਵੱਧਣ ਦੀ ਉਮੀਦ ਹੈ, ਬਹੁਤ ਸਾਰੀਆਂ ਪੋਸਟਾਂ ਮੁਕਾਬਲੇ ਦੀ ਤਨਖਾਹ ਅਤੇ ਉੱਨਤੀ ਦੇ ਮੌਕੇ ਪ੍ਰਦਾਨ ਕਰਦੀਆਂ ਹਨ।

ਉਦਾਹਰਨ ਵਜੋਂ, ਸਿਹਤ ਸੰਭਾਲ ਵਿੱਚ, ਨਰਸਿੰਗ ਅਤੇ ਮੈਡੀਕਲ ਅਸਿਸਟਿੰਗ ਵਰਗੀਆਂ ਕੈਰੀਅਰਾਂ ਨੂੰ ਵੱਡੇ ਉਭਾਰ ਦੀ ਉਮੀਦ ਹੈ, ਜੋ ਕਿ ਬੁਜ਼ੁਰਗ ਆਬਾਦੀ ਅਤੇ ਮੈਡੀਕਲ ਸੇਵਾਵਾਂ ਦੀ ਵਧਦੀ ਲੋੜ ਕਾਰਨ ਹੈ। ਇਸੇ ਤਰ੍ਹਾਂ, ਨਿਰਮਾਣ ਉਦਯੋਗ ਇੱਕ ਪੁਨਰਜਾਗਰਨ ਦਾ ਸਾਹਮਣਾ ਕਰ ਰਿਹਾ ਹੈ, ਜਿਸ ਨਾਲ ਮਾਹਿਰ ਕਿਰਤੀਆਂ ਦੀ ਵਧਦੀ ਲੋੜ ਹੈ।

**ਧਾਰਨਾ ਬਦਲਣਾ**


ਇਸਦੇ ਸਪੱਸ਼ਟ ਫਾਇਦਿਆਂ ਦੇ ਬਾਵਜੂਦ, ਵੋਕੇਸ਼ਨਲ ਸਿੱਖਿਆ ਇਤਿਹਾਸਕ ਤੌਰ 'ਤੇ ਪਰੰਪਰਾਗਤ ਅਕਾਦਮਿਕ ਰਸਤੇ ਦੇ ਮੁਕਾਬਲੇ ਘੱਟ ਕੀਮਤ ਵਾਲੀ ਸਮਝੀ ਜਾਂਦੀ ਸੀ। ਹਾਲਾਂਕਿ, ਇਹ ਧਾਰਨਾ ਬਦਲ ਰਹੀ ਹੈ ਜਿਵੇਂ ਹੋਰ ਵਿਦਿਆਰਥੀ ਅਤੇ ਮਾਪੇ ਤਕਨੀਕੀ ਤਾਲਿਮ ਦੇ ਫਾਇਦਿਆਂ ਨੂੰ ਸਮਝ ਰਹੇ ਹਨ। ਦੇਸ਼ ਭਰ ਦੇ ਹਾਈ ਸਕੂਲ ਹੁਣ ਵੋਕੇਸ਼ਨਲ ਪ੍ਰੋਗਰਾਮਾਂ ਦੀ ਪੇਸ਼ਕਸ਼ ਕਰ ਰਹੇ ਹਨ, ਜਦੋਂ ਕਿ ਸਮੂਹਿਕ ਕਾਲਜ ਆਪਣੀਆਂ ਵੋਕੇਸ਼ਨਲ ਪੇਸ਼ਕਸ਼ਾਂ ਨੂੰ ਵਧਾ ਰਹੇ ਹਨ ਤਾਂ ਜੋ ਵਧ ਰਹੀ ਮੰਗ ਨੂੰ ਪੂਰਾ ਕੀਤਾ ਜਾ ਸਕੇ।

ਵੋਕੇਸ਼ਨਲ ਸਿੱਖਿਆ ਹੁਣ ਦੂਜੇ ਵਿਕਲਪ ਵਜੋਂ ਨਹੀਂ ਵੇਖੀ ਜਾਂਦੀ ਡਾ.ਐਸ ਪੀ ਸਿੰਘ ਕਹਿੰਦੇ ਹਨ। ਵਿਦਿਆਰਥੀ ਸਮਝ ਰਹੇ ਹਨ ਕਿ ਇਹ ਪ੍ਰੋਗਰਾਮ ਸੁਖਦਾਇਕ ਕੈਰੀਅਰ ਅਤੇ ਆਰਥਿਕ ਸਥਿਰਤਾ ਵੱਲ ਲੈ ਕੇ ਆ ਸਕਦੇ ਹਨ ਉਹ ਵੀ ਬਿਨਾਂ ਮਹਿੰਗੇ ਵਿਦਿਆਰਥੀ ਕਰਜ਼ੇ ਲਏ।

ਕੰਮ ਦਾ ਦ੍ਰਿਸ਼ਟੀਕੋਣ ਜਾਰੀ ਰਹਿੰਦਾ ਹੈ ਤਾਂ ਵੋਕੇਸ਼ਨਲ ਸਿੱਖਿਆ ਇੱਕ ਮਹੱਤਵਪੂਰਕ ਹੱਲ ਵਜੋਂ ਉਭਰਦੀ ਹੈ ਜੋ ਕਾਰਮਿਕ ਚੁਣੌਤੀਆਂ ਦਾ ਸਾਹਮਣਾ ਕਰਨ ਅਤੇ ਵਿਅਕਤੀਆਂ ਨੂੰ ਸਫਲਤਾ ਲਈ ਲੋੜੀਂਦੇ ਕੌਸ਼ਲ ਪ੍ਰਦਾਨ ਕਰਨ ਵਿੱਚ ਮਦਦ ਕਰਦੀ ਹੈ। ਵੋਕੇਸ਼ਨਲ ਤਾਲਿਮ ਨੂੰ ਗਲੇ ਲਾਉਂਦੇ ਹੋਏ ਅਤੇ ਇਸ ਵਿੱਚ ਨਿਵੇਸ਼ ਕਰਕੇ, ਸਮਾਜ ਇਹ ਯਕੀਨੀ ਬਣਾ ਸਕਦਾ ਹੈ ਕਿ ਮਾਹਿਰ ਕਿਰਤੀਆਂ ਦੀ ਇੱਕ ਮਜ਼ਬੂਤ ਪਾਈਪਲਾਈਨ ਤਿਆਰ ਕੀਤਾ ਜਾਵੇ ਜੋ ਇੱਕ ਬਦਲਦੇ ਆਰਥਿਕਤਾ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਤਿਆਰ ਹੋਵੇ।ਇੱਕ ਐਸੇ ਸੰਸਾਰ ਵਿੱਚ ਜਿੱਥੇ ਪ੍ਰਯੋਗਾਤਮਕ ਕੌਸ਼ਲ ਸਭ ਤੋਂ ਮਹੱਤਵਪੂਰਕ ਹਨ, ਵੋਕੇਸ਼ਨਲ ਸਿੱਖਿਆ ਦੀ ਮਹੱਤਤਾ ਕਦੇ ਵੀ ਇੰਨੀ ਜ਼ਿਆਦਾ ਮਹਿਸੂਸ ਨਹੀਂ ਹੋਈ। ਇਹ ਸਮੇਂ ਦੀ ਗੱਲ ਹੈ ਕਿ ਹਿੱਸੇਦਾਰ ਸਿੱਖਿਆਕਾਰ, ਨੀਤੀ ਨਿਰਮਾਤਾ ਅਤੇ ਕਾਰੋਬਾਰ ਇੱਕਠੇ ਹੋ ਕੇ ਇਨ੍ਹਾਂ ਪ੍ਰੋਗਰਾਮਾਂ ਨੂੰ ਕਾਰਜਕਾਰੀ ਸਫਲਤਾ ਅਤੇ ਆਰਥਿਕ ਲਚਕੀਲੇਪਣ ਦੇ ਜ਼ਰੀਏ ਮਹੱਤਵਪੂਰਕ ਰਸਤੇ ਵਜੋਂ ਪ੍ਰਚਾਰ ਕਰਨ।



SANJHI SOCH
ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ






# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਲਗਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



Office Ph.(916) 427-4321

6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us




Capital
DRUG TESTING

# CAPITAL DRUG TESTING

Drug and Alcohol Test

DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.



Lab. Ph:(916) 680-9293

6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# TAKE CONTROL OF YOUR HEALTH!

## PRIVATE, AFFORDABLE, & CONVENIENT

## 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANYLABTEST NOW



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

# ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

## ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ **eBaba App** ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਵਿਸ਼ਵ ਕਿਤਾਬ ਮੇਲੇ ਦੇ ਫਾਇਦੇ

ਵਰਲਡ ਬੁੱਕ ਫੇਅਰ ਕਿਤਾਬਾਂ, ਪੜ੍ਹਨ ਅਤੇ ਵਿਚਾਰਾਂ ਦਾ ਇੱਕ ਸਾਲਾਨਾ ਜਸ਼ਨ ਹੈ ਜੋ ਦੁਨੀਆ ਭਰ ਦੇ ਪ੍ਰਕਾਸ਼ਕਾਂ, ਲੇਖਕਾਂ, ਸਿੱਖਿਅਕਾਂ, ਵਿਦਿਆਰਥੀਆਂ ਅਤੇ ਕਿਤਾਬ ਪ੍ਰੇਮੀਆਂ ਨੂੰ ਇਕੱਠਾ ਕਰਦਾ ਹੈ। ਇਹ ਸਿਰਫ਼ ਕਿਤਾਬਾਂ ਦੀ ਪ੍ਰਦਰਸ਼ਨੀ ਤੋਂ ਵੱਧ ਹੈ; ਇਹ ਇੱਕ ਜੀਵੰਤ ਸੱਭਿਆਚਾਰਕ ਸਮਾਗਮ ਹੈ ਜੋ ਸਾਖਰਤਾ, ਗਿਆਨ ਸਾਂਝਾ ਕਰਨ ਅਤੇ ਵਿਸ਼ਵਵਿਆਪੀ ਸਮਝ ਨੂੰ ਉਤਸ਼ਾਹਿਤ ਕਰਦਾ ਹੈ। ਇਹ ਮੇਲਾ ਵਿਅਕਤੀਆਂ, ਭਾਈਚਾਰਿਆਂ ਅਤੇ ਸਮੁੱਚੇ ਸਮਾਜ ਨੂੰ ਕਈ ਲਾਭ ਪ੍ਰਦਾਨ ਕਰਦਾ ਹੈ।

**ਪੜ੍ਹਨ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕਰਦਾ ਹੈ**

ਵਿਸ਼ਵ ਕਿਤਾਬ ਮੇਲੇ ਦਾ ਇੱਕ ਮੁੱਖ ਫਾਇਦਾ ਇਹ ਹੈ ਕਿ ਇਹ ਹਰ ਉਮਰ ਦੇ ਲੋਕਾਂ ਨੂੰ ਪੜ੍ਹਨ ਲਈ ਪਿਆਰ ਵਿਕਸਤ ਕਰਨ ਅਤੇ ਪਾਲਣ-ਪੋਸ਼ਣ ਕਰਨ ਲਈ ਉਤਸ਼ਾਹਿਤ ਕਰਦਾ ਹੈ। ਪ੍ਰਦਰਸ਼ਿਤ ਕਿਤਾਬਾਂ ਦੀ ਇੱਕ ਵਿਸ਼ਾਲ ਕਿਸਮ ਦੇ ਨਾਲ। ਗਲਪ ਤੋਂ ਲੈ ਕੇ ਅਕਾਦਮਿਕ ਲਿਖਤਾਂ ਤੱਕ, ਸੈਲਾਨੀਆਂ ਨੂੰ ਵਿਭਿੰਨ ਸ਼ੈਲੀਆਂ ਅਤੇ ਵਿਸ਼ਿਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਹ ਪੜ੍ਹਨ ਵਿੱਚ ਦਿਲਚਸਪੀ ਪੈਦਾ ਕਰਨ ਵਿੱਚ ਮਦਦ ਕਰਦਾ ਹੈ, ਖਾਸ ਕਰਕੇ ਬੱਚਿਆਂ ਅਤੇ ਨੌਜਵਾਨਾਂ ਵਿੱਚ, ਜੋ ਕਿ ਜੀਵਨ ਭਰ ਸਿੱਖਣ ਅਤੇ ਬੌਧਿਕ ਵਿਕਾਸ ਲਈ ਜ਼ਰੂਰੀ ਹੈ।

**ਸਾਖਰਤਾ ਅਤੇ ਸਿੱਖਿਆ ਨੂੰ ਉਤਸ਼ਾਹਿਤ ਕਰਦਾ ਹੈ**

ਵਿਸ਼ਵ ਕਿਤਾਬ ਮੇਲਾ ਸਾਖਰਤਾ ਦਰਾਂ ਨੂੰ ਬਿਹਤਰ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਸਕੂਲ, ਅਧਿਆਪਕ ਅਤੇ ਵਿਦਿਆਰਥੀ ਅਕਸਰ ਮੇਲੇ ਦਾ ਦੌਰਾ ਕਰਦੇ ਹਨ, ਇਸਨੂੰ ਕਲਾਸਰੂਮ ਸਿੱਖਣ ਤੋਂ ਇਲਾਵਾ ਇੱਕ ਵਿਲੱਖਣ ਵਿਦਿਅਕ ਮੌਕੇ ਵਜੋਂ ਵਰਤਦੇ ਹਨ। ਬਹੁਤ ਸਾਰੇ ਮੇਲਿਆਂ ਵਿੱਚ ਕਿਤਾਬ ਪੜ੍ਹਨ, ਕਹਾਣੀ ਸੁਣਾਉਣ ਦੇ ਸੈਸ਼ਨ ਅਤੇ ਵਿਦਿਅਕ ਵਰਕਸ਼ਾਪਾਂ ਵਰਗੇ ਵਿਸ਼ੇਸ਼ ਪ੍ਰੋਗਰਾਮ ਹੁੰਦੇ ਹਨ ਜੋ ਵਿਦਿਆਰਥੀਆਂ ਨੂੰ ਹੋਰ ਪੜ੍ਹਨ ਲਈ ਪ੍ਰੇਰਿਤ ਕਰਦੇ ਹਨ ਅਤੇ ਉਨ੍ਹਾਂ ਦੇ ਸਮੁੱਚੇ ਅਕਾਦਮਿਕ ਵਿਕਾਸ ਦਾ ਸਮਰਥਨ ਕਰਦੇ ਹਨ।

**ਲੇਖਕਾਂ ਅਤੇ ਪਾਠਕਾਂ ਨੂੰ ਜੋੜਦਾ ਹੈ**

ਲੇਖਕਾਂ ਲਈ, ਵਿਸ਼ਵ ਕਿਤਾਬ ਮੇਲਾ ਆਪਣੇ ਕੰਮ ਨੂੰ ਪ੍ਰਦਰਸ਼ਿਤ ਕਰਨ ਅਤੇ ਪਾਠਕਾਂ ਨਾਲ ਸਿੱਧੇ ਤੌਰ 'ਤੇ ਜੁੜਨ ਲਈ ਇੱਕ ਕੀਮਤੀ ਪਲੇਟਫਾਰਮ ਪ੍ਰਦਾਨ ਕਰਦਾ ਹੈ। ਲੇਖਕ ਕਿਤਾਬ 'ਤੇ ਦਸਤਖਤ, ਪੈਨਲ ਚਰਚਾਵਾਂ ਅਤੇ ਇੰਟਰਐਕਟਿਵ ਸੈਸ਼ਨਾਂ ਵਿੱਚ ਹਿੱਸਾ ਲੈ ਸਕਦੇ ਹਨ, ਜਿਸ ਨਾਲ ਉਹ ਆਪਣੇ ਦਰਸ਼ਕਾਂ ਨਾਲ ਸਬੰਧ ਬਣਾ ਸਕਦੇ ਹਨ। ਦੂਜੇ ਪਾਸੇ, ਪਾਠਕਾਂ ਨੂੰ ਆਪਣੇ ਮਨਪਸੰਦ ਲੇਖਕਾਂ ਨੂੰ ਮਿਲਣ, ਨਵੇਂ ਲੇਖਕਾਂ ਦੀ ਖੋਜ ਕਰਨ ਅਤੇ ਸਾਹਿਤ ਬਾਰੇ ਅਰਥਪੂਰਨ ਗੱਲਬਾਤ ਵਿੱਚ ਹਿੱਸਾ ਲੈਣ ਦਾ ਮੌਕਾ ਮਿਲਦਾ ਹੈ।

**ਸੱਭਿਆਚਾਰਕ ਆਦਾਨ-ਪ੍ਰਦਾਨ ਨੂੰ ਉਤਸ਼ਾਹਿਤ ਕਰਦਾ ਹੈ**

ਵਿਸ਼ਵ ਕਿਤਾਬ ਮੇਲਾ ਵੱਖ-ਵੱਖ ਦੇਸ਼ਾਂ ਅਤੇ ਸੱਭਿਆਚਾਰਕ ਪਿਛੋਕੜਾਂ ਦੇ ਭਾਗੀਦਾਰਾਂ ਨੂੰ ਆਕਰਸ਼ਿਤ ਕਰਦਾ ਹੈ। ਵਿਚਾਰਾਂ ਦਾ ਇਹ ਆਦਾਨ-ਪ੍ਰਦਾਨ ਵਿਸ਼ਵਵਿਆਪੀ ਸੱਭਿਆਚਾਰਾਂ ਦੀ ਆਪਸੀ ਸਮਝ ਅਤੇ ਕਦਰ ਨੂੰ ਉਤਸ਼ਾਹਿਤ ਕਰਦਾ ਹੈ। ਸੈਲਾਨੀ ਵੱਖ-ਵੱਖ ਭਾਸ਼ਾਵਾਂ ਵਿੱਚ ਕਿਤਾਬਾਂ ਦੀ ਪੜਚੋਲ ਕਰ ਸਕਦੇ ਹਨ ਅਤੇ ਵੱਖ-ਵੱਖ ਪਰੰਪਰਾਵਾਂ, ਇਤਿਹਾਸ ਅਤੇ ਦ੍ਰਿਸ਼ਟੀਕੋਣਾਂ ਬਾਰੇ ਜਾਣ ਸਕਦੇ ਹਨ, ਜਿਸ ਨਾਲ ਮੇਲਾ ਇੱਕ ਸੱਚਮੁੱਚ ਭਰਪੂਰ ਸੱਭਿਆਚਾਰਕ ਅਨੁਭਵ ਬਣ ਜਾਂਦਾ ਹੈ।

**ਪ੍ਰਕਾਸ਼ਨ ਉਦਯੋਗ ਦਾ ਸਮਰਥਨ ਕਰਦਾ ਹੈ**

ਇਹ ਮੇਲਾ ਪ੍ਰਕਾਸ਼ਕਾਂ ਨੂੰ ਆਪਣੇ ਨਵੀਨਤਮ ਸਿਰਲੇਖਾਂ ਨੂੰ ਪ੍ਰਦਰਸ਼ਿਤ ਕਰਨ ਅਤੇ ਇੱਕ ਵਿਸ਼ਾਲ ਦਰਸ਼ਕ ਤੱਕ ਪਹੁੰਚਣ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਦਾ ਹੈ। ਨਵੇਂ ਅਤੇ ਉੱਭਰ ਰਹੇ ਲੇਖਕਾਂ ਨੂੰ ਪ੍ਰਕਾਸ਼ਕ ਜਾਂ ਸਾਹਿਤਕ ਏਜੰਟ ਲੱਭਣ ਦੇ ਮੌਕੇ ਮਿਲਦੇ ਹਨ। ਇਸ ਤੋਂ ਇਲਾਵਾ, ਉਦਯੋਗ ਦੇ ਪੇਸ਼ੇਵਰ ਨੈੱਟਵਰਕ ਬਣਾਉਣ, ਰੁਝਾਨਾਂ 'ਤੇ ਚਰਚਾ ਕਰਨ ਅਤੇ ਸਹਿਯੋਗ ਦੀ ਪੜਚੋਲ ਕਰਨ ਲਈ ਮੇਲੇ ਦੀ ਵਰਤੋਂ ਕਰਦੇ ਹਨ, ਜੋ ਪ੍ਰਕਾਸ਼ਨ ਸੰਸਾਰ ਨੂੰ ਵਧਣ ਅਤੇ ਨਵੀਨਤਾ ਲਿਆਉਣ ਵਿੱਚ ਮਦਦ ਕਰਦਾ ਹੈ।

**ਰਚਨਾਤਮਕਤਾ ਅਤੇ ਨਵੀਨਤਾ ਨੂੰ ਉਤਸ਼ਾਹਿਤ ਕਰਦਾ ਹੈ**

ਵਿਸ਼ਵ ਕਿਤਾਬ ਮੇਲਿਆਂ ਵਿੱਚ ਅਕਸਰ ਵਰਕਸ਼ਾਪਾਂ, ਕਵਿਤਾ ਸਲੈਮ, ਰਚਨਾਤਮਕ ਲਿਖਣ ਮੁਕਾਬਲੇ, ਅਤੇ ਸੈਮੀਨਾਰ ਸ਼ਾਮਲ ਹੁੰਦੇ ਹਨ ਜੋ ਸਿਰਜਣਾਤਮਕਤਾ ਨੂੰ ਪ੍ਰੇਰਿਤ ਕਰਦੇ ਹਨ। ਇਹ ਗਤੀਵਿਧੀਆਂ ਨੌਜਵਾਨ ਦਿਮਾਗਾਂ ਨੂੰ ਕਲਪਨਾਤਮਕ ਤੌਰ 'ਤੇ ਸੋਚਣ ਅਤੇ ਲਿਖਤ, ਕਲਾ ਅਤੇ ਕਹਾਣੀ ਸੁਣਾਉਣ ਰਾਹੀਂ ਆਪਣੇ ਆਪ ਨੂੰ ਪ੍ਰਗਟ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਇੰਟਰਐਕਟਿਵ ਸੈਸ਼ਨਾਂ ਨਾਲ ਜੁੜ ਕੇ, ਵਿਜ਼ਟਰ ਨਵੇਂ ਹੁਨਰ ਸਿੱਖ ਸਕਦੇ ਹਨ ਅਤੇ ਆਪਣੀ ਰਚਨਾਤਮਕ ਸਮਰੱਥਾ ਨੂੰ ਉਜਾਗਰ ਕਰ ਸਕਦੇ ਹਨ।

**ਕਿਤਾਬਾਂ ਤੱਕ ਕਿਫਾਇਤੀ ਪਹੁੰਚ ਦੀ ਪੇਸ਼ਕਸ਼ ਕਰਦਾ ਹੈ**

ਮੇਲੇ ਦੌਰਾਨ, ਬਹੁਤ ਸਾਰੇ ਪ੍ਰਕਾਸ਼ਕ ਛੋਟ ਵਾਲੀਆਂ ਕੀਮਤਾਂ 'ਤੇ ਕਿਤਾਬਾਂ ਪੇਸ਼ ਕਰਦੇ ਹਨ। ਇਹ ਪੜ੍ਹਨ ਸਮੱਗਰੀ ਨੂੰ ਵਿਦਿਆਰਥੀਆਂ, ਅਧਿਆਪਕਾਂ ਅਤੇ ਪਾਠਕਾਂ ਲਈ ਵਧੇਰੇ ਪਹੁੰਚਯੋਗ ਬਣਾਉਂਦਾ ਹੈ ਜਿਨ੍ਹਾਂ ਨੂੰ ਕਿਤਾਬਾਂ ਮਹਿੰਗੀਆਂ ਲੱਗ ਸਕਦੀਆਂ ਹਨ। ਕਿਫਾਇਤੀ ਕੀਮਤਾਂ ਵਧੇਰੇ ਲੋਕਾਂ ਨੂੰ ਕਿਤਾਬਾਂ ਖਰੀਦਣ ਅਤੇ ਨਿੱਜੀ ਲਾਇਬ੍ਰੇਰੀਆਂ ਬਣਾਉਣ ਲਈ ਉਤਸ਼ਾਹਿਤ ਕਰਦੀਆਂ ਹਨ, ਜਿਸ ਨਾਲ ਪੜ੍ਹਨ ਸੱਭਿਆਚਾਰ ਦਾ ਸਮਰਥਨ ਹੁੰਦਾ ਹੈ।

**ਸਿੱਟਾ**

ਡਿਜੀਟਲ ਮਨੋਰੰਜਨ ਦੇ ਦਬਦਬੇ ਵਿੱਚ ਵਧਦੀ ਦੁਨੀਆ ਵਿੱਚ, ਵਿਸ਼ਵ ਕਿਤਾਬ ਮੇਲਾ ਕਿਤਾਬਾਂ ਅਤੇ ਪੜ੍ਹਨ ਦੀ ਮਹੱਤਤਾ ਦੀ ਇੱਕ ਸ਼ਕਤੀਸ਼ਾਲੀ ਯਾਦ ਦਿਵਾਉਂਦਾ ਹੈ। ਇਹ ਵਿਦਿਅਕ ਲਾਭ ਪ੍ਰਦਾਨ ਕਰਦਾ ਹੈ, ਸੱਭਿਆਚਾਰਕ ਸਮਝ ਨੂੰ ਉਤਸ਼ਾਹਿਤ ਕਰਦਾ ਹੈ, ਰਚਨਾਤਮਕਤਾ ਦਾ ਪਾਲਣ-ਪੋਸ਼ਣ ਕਰਦਾ ਹੈ, ਅਤੇ ਸਾਹਿਤਕ ਅਤੇ ਪ੍ਰਕਾਸ਼ਨ ਭਾਈਚਾਰੇ ਦਾ ਸਮਰਥਨ ਕਰਦਾ ਹੈ। ਭਾਵੇਂ ਤੁਸੀਂ ਵਿਦਿਆਰਥੀ ਹੋ, ਅਧਿਆਪਕ ਹੋ, ਲੇਖਕ ਹੋ, ਜਾਂ ਸਿਰਫ਼ ਕਿਤਾਬ ਪ੍ਰੇਮੀ ਹੋ, ਵਿਸ਼ਵ ਪੁਸਤਕ ਮੇਲੇ ਵਿੱਚ ਹਰ ਕਿਸੇ ਨੂੰ ਪੇਸ਼ ਕਰਨ ਲਈ ਕੁਝ ਕੀਮਤੀ ਹੈ।



SANJHI SOCH
ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ




ਰੋਜ਼ਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

GHUMAN
LAW GROUP INC.

# Ghuman Law Group

ਤੁਹਾਡੇ ਲਈ ਲੈ ਕੇ ਆਏ ਨੇ

## AMERICA ਵਿੱਚ

## BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

**ਆਓ E-2 Investor Visa ਰਾਹੀਂ**

ਸਿਰਫ $25,000 ਦੀ ਘੱਟੋ-ਘੱਟ Investment

ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






**GHUMAN LAW GROUP**

**ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ**



**ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ**

**ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ**



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

**ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ**

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ
ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ
Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ
ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# ਪਾਣੀ ਨੂੰ ਸੰਭਾਲ ਲਵੋ

ਮੁਫ਼ਤ ਵਿੱਚ ਨਾ ਪਾਣੀ ਗਵਾਓ ,
ਇਸ ਦੀ ਤੁਸੀਂ ਸੰਭਾਲ ਕਰੋ।
ਤਰਸੋਗੇ ਫਿਰ ਬੂੰਦ ਬੂੰਦ ਨੂੰ,
ਇਹ ਵੀ ਤੁਸੀਂ ਖ਼ਿਆਲ ਕਰੋ।
ਦੱਸੋਂ ਪਾਣੀ ਬਿਨਾਂ ਕੀ ਜੀਵਨ?,
ਨਾ ਪਸ਼ੂ, ਪੰਛੀ ਤੇ ਰੁੱਖ ਹੋਣੇ।
ਚਾਰਗਾਹਾਂ ਜੰਗਲ ਨਹੀ ਰਹਿਣੇ,
ਛਾਵਾਂ ਦੇ ਘਣੇ ਨਾ ਸੁੱਖ ਹੋਣੇ।
ਪਿਤਾ ਪਾਣੀ ਕਿਹਾ ਗੁਰੂਆਂ ਨੇ,
ਜਿਸ ਤੋਂ ਉਤਪਤੀ ਹੋਣੀ ਹੈ।
ਧਰਤੀ ਹੇਠਾਂ ਭਾਵੇਂ ਕਿੰਨਾ ਪਾਣੀ,
ਪੀਣ ਨੂੰ ਨੌਬਤ ਆਉਣੀ ਹੈ।
ਸ਼ੁੱਧ ਪਾਣੀ ਫਿਰ ਕਿੱਥੋਂ ਆਉਣਾ,
ਸੰਜਮ ਨਾਲ ਵਹਾਓ ਜੀ।
ਤੇਲ ਤੋਂ ਮਹਿੰਗਾ ਪਾਣੀ ਮਿਲਣਾ,
ਇਹ ਗੱਲ ਸਮਝ ਜਾਓ ਜੀ।
ਫਿਰ ਪਛਤਾਵਾਂਗੇ ਲੰਘੇ ਵਕ਼ਤ ਨੂੰ,
ਜੇ ਨਾ ਕਰੀਂ ਵਿਚਾਰ ਮਨਾਂ।
'ਪੱਤੋ' ਆਖੇ ਹੈ ਅਜੇ ਵੀ ਵੇਲਾ,
ਇਸ ਦੀ ਭੈੜੀ ਮਾਰ ਮਨਾਂ।



SANJHI SOCH
ਹਰਪ੍ਰੀਤ ਪੱਤੋ
ਪਿੰਡ ਪੱਤੋ ਹੀਰਾ ਸਿੰਘ
ਮੋਗਾ
94658-21417

# ਸੱਚਾਈ ਦੇ ਰੂਬਰੂ ਹੁੰਦਾ ਕਾਵਿ ਸੰਗ੍ਰਹਿ-ਜ਼ਿੰਦਗੀ ਦੀ ਪੂੰਜੀ''




ਪੁਸਤਕ ਦਾ ਨਾਂ-ਜ਼ਿੰਦਗੀ ਦੀ ਪੂੰਜੀ
ਗ਼ਜ਼ਲਕਾਰ-ਮਹਿੰਦਰ ਸਿੰਘ ਮਾਨ
ਪੰਨੇ-96
ਕੀਮਤ-150/- ਰੁਪਏ
ਪ੍ਰਕਾਸ਼ਕ-ਸਾਦਿਕ ਪਬਲੀਕੇਸ਼ਨਜ਼, ਜੋਧਪੁਰ ਪਾਖਰ।
ਰਿਵਿਊਕਾਰ-ਤੇਜਿੰਦਰ ਚੰਡਿਹੋਕ

ਮਹਿੰਦਰ ਸਿੰਘ ਮਾਨ ਨੇ ਪਿਛਲੇ ਸਾਲ 2024 ਵਿਚ ਆਪਣੀ ਛੇਵੀਂ ਕਾਵਿ ਪੁਸਤਕ ਜ਼ਿੰਦਗੀ ਦੀ ਪੂੰਜੀ ਪ੍ਰਵੇਸ਼ ਕੀਤਾ ਹੈ। ਉਂਜ ਉਹ ਪਹਿਲਾਂ ਪੰਜ ਕਾਵਿ ਸੰਗ੍ਰਹਿ ਅਤੇ ਇਕ ਗ਼ਜ਼ਲ ਸੰਗ੍ਰਹਿ ਤੋਂ ਇਲਾਵਾ ਇਕ ਮਿੰਨੀ ਕਹਾਣੀ ਸੰਗ੍ਰਹਿ ਪਾਠਕਾਂ ਦੀ ਨਜ਼ਰ ਕਰ ਚੁੱਕਾ ਹੈ। ਹਥਲੇ ਕਾਵਿ ਸੰਗ੍ਰਹਿ ਦਾ ਪਾਠ ਕਰਦਿਆਂ ਧਿਆਨ ਗੋਚਰ ਹੋਇਆ ਕਿ ਇਹ ਪੁਸਤਕ ਉਸ ਨੇ ਸੰਘਰਸ਼ ਕਰ ਰਹੇ ਲੋਕਾਂ ਸਮਰਪਿਤ ਕੀਤਾ ਹੈ ਜਿਸ ਵਿਚ 54 ਕਵਿਤਾਵਾਂ, 49 ਬੋਲੀਆਂ ਅਤੇ 26 ਗ਼ਜ਼ਲਾਂ ਦਾ ਖ਼ੂਬਸੂਰਤ ਗੁਲਦਸਤਾ ਪੇਸ਼ ਕੀਤਾ ਹੈ।

ਪੁਸਤਕ ਬਾਰੇ ਗੱਲ ਕਰਦਿਆਂ ਕਿਹਾ ਜਾ ਸਕਦਾ ਹੈ ਕਿ ਉਸ ਦੀਆਂ ਰਚਨਾਵਾਂ ਵਿਚ ਪਾਣੀ ਸੀ ਘਾਟ, ਧਰਤੀ ਦਾ ਦੁਖਾਂਤ, ਦੂਸ਼ਿਤ ਵਾਤਾਵਰਣ, ਨਸ਼ੇ ਦਾ ਪ੍ਰਕੋਪ, ਬਜ਼ੁਰਗਾਂ ਦੀ ਬੇਕਦਰੀ, ਸਾਹਿਤ ਵਿਚ ਘਟਦੀ ਦਿਲਚਸਪੀ, ਮਾਂ ਬੋਲੀ, ਦੋਗਲੇ ਬੰਦੇ, ਮੂਰਤੀ ਪੂਜਾ, ਮਹਿੰਗਾਈ, ਪਰਵਾਸ ਅਤੇ ਬੇਰੁਜਗਾਰੀ ਵਰਗੇ ਵਿਸ਼ਿਆਂ ਨੂੰ ਛੋਹਿਆ ਹੈ।

ਇਸ ਪੁਸਤਕ ਦਾ ਆਗਾਜ਼ ਪਾਣੀ ਦੀ ਸਮੱਸਿਆ ਨੂੰ ਲੈ ਕੇ ਚਿੰਤਾ ਵਿਅਕਤ ਕਰਦਿਆਂ ਕੀਤਾ ਹੈ। ਪਾਣੀ ਮਨੁੱਖ ਦੀ ਮੁੱਢਲੀ ਲੋੜ ਹੈ ਜਿਸ ਨੂੰ ਮਨੁੱਖ ਅਜਾਈਂ ਗਵਾਇਆ ਜਾ ਰਿਹਾ ਹੈ। ਲੋਕ ਪਾਣੀ ਬਚਾਉਣ ਲਈ ਦੁਹਾਈ ਤਾਂ ਪਾਈ ਜਾ ਰਹੇ ਹਨ ਪਰ ਨਾਲ ਹੀ ਬਹੁਤ ਸਾਰੇ ਲੋਕ ਪਾਣੀ ਦਾ ਵਿਨਾਸ਼ ਵੀ ਕਰ ਰਹੇ ਹਨ। ਪੁਸਤਕ ਵਿਚ ਪਾਣੀ ਨਾਲ ਸਬੰਧਤ ਕਵਿਤਾਵਾਂ ਪਾਣੀ ਬਚਾਉ, ਪਾਣੀ ਦੀ ਦੁਰਵਰਤੋਂ, ਨੰਬਰ ਵਨ ਸਟੇਟ ਵਿਚ ਪਾਣੀ ਦੀ ਦੁਰਵਰਤੋਂ ਰੋਕਣ, ਪਾਣੀ ਦੀ ਸ਼ੁੱਧਤਾ ਅਤੇ ਅਤੇ ਕਿਸਾਨਾਂ ਨੂੰ ਉਹ ਫਸਲਾਂ ਬੀਜਣ ਲਈ ਸਲਾਹ ਵੀ ਦੇ ਰਿਹਾ ਹੈ ਕਵੀ ਜਿਹਨਾਂ ਲਈ ਪਾਣੀ ਦੀ ਘੱਟ ਵਰਤੋਂ ਹੋਵੇ।

ਅੱਜ ਸਿਆਸਤ ਮਨੁੱਖ ਤੇ ਭਾਰੂ ਹੈ। ਕੇਵਲ ਰਾਜਨੀਤਕ ਲੋਕ ਹੀ ਨਹੀਂ ਸਗੋਂ ਹਰ ਘਰ, ਮੁੱਹਲੇ, ਸ਼ਹਿਰ ਵਿਚ ਸਿਆਸਤ ਖੇਡੀ ਜਾ ਰਹੀ ਹੈ। ਸਿਆਸਤਦਾਨਾਂ ਵਲੋ ਲੋਕਾਂ ਦਾ ਸੋਸ਼ਣ ਅਤੇ ਮਤਲਬ ਕੱਢਣ ਦੀਆਂ ਗੱਲਾਂ ਵੀ ਪੁਸਤਕ ਵਿਚ ਮਿਲਦੀਆਂ ਹਨ। ਇਸ ਸਬੰਧੀ ਉਸ ਦੀਆਂ ਕਵਿਤਾਵਾਂ ਹਰ ਪਾਸੇ ਤੋਂ ਚੋਣਾਂ, ਵੋਟਾਂ ਪੈਣ ਦਾ ਐਲਾਨ, ਵੋਟਾਂ, ਨੇਤਾ ਤੇ ਦਲਿਤ ਅਤੇ ਦਲਬਦਲੀ ਦੀ ਰੁੱਤ ਵਿੱਚ ਵਾਚਿਆ ਜਾ ਸਕਦਾ ਹੈ। ਪੁਸਤਕ ਵਿਚਲੀ ਕਵਿਤਾ ਅਮਨ ਤੇ ਜੰਗ ਵਿੱਚ ਦੱਸਣ ਦਾ ਯਤਨ ਕੀਤਾ ਗਿਆ ਹੈ ਕਿ ਜੰਗ ਕਿਸੇ ਮਸਲੇ ਦਾ ਹੱਲ ਨਹੀਂ ਹੁੰਦਾ। ਜੰਗ ਨਾਲ ਤਾ ਕੇਵਲ ਤਬਾਹੀਆਂ, ਨੁਕਸਾਨ ਅਤੇ ਬਰਬਾਦੀਆਂ ਹੀ ਹੋ ਸਕਦੀਆਂ ਹਨ। ਕਵਿਤਾ ਦਾ ਬੰਦ ਕਹਿੰਦਾ ਹੈ ਕਿ -

" ਜੰਗ ਨਾਲ
ਕਦੇ ਕੋਈ ਮਸਲਾ
ਹਲ ਨਹੀਂ ਹੁੰਦਾ।
ਜੰਗ ਨਾਲ
ਕੇਵਲ ਤਬਾਹੀ ਹੁੰਦੀ ਹੈ " (ਪੰਨਾ 60)

ਪੁਸਤਕ ਵਿਚ ਗੁਰੂਆਂ ਅਤੇ ਉਹਨਾਂ ਦੀਆਂ ਸ਼ਹੀਦੀਆਂ ਨੂੰ ਵੀ ਅੰਕਿਤ ਕੀਤਾ ਗਿਆ ਹੈ। ਸ੍ਰੀ ਗੁਰੂ ਅਰਜਨ ਦੇਵ ਜੀ, ਸ੍ਰੀ ਗੁਰੂ ਤੇਗ ਬਹਾਦੁਰ ਜੀ ਅਤੇ ਮਾਤਾ ਗੁਜਰੀ ਦੇ ਲਾਲਾਂ ਦੀਆਂ ਕੁਰਬਾਨੀਆਂ ਦਾ ਜ਼ਿਕਰ ਆਉਂਦਾ ਹੈ। ਰੱਬ ਸਭ ਦਾ ਇਕ ਹੈ ਪਰ ਆਦਮੀ ਨੇ ਰੱਬ ਨੂੰ ਵੀ ਵੱਖ ਵੱਖ ਕਰ ਦਿੱਤਾ ਹੈ। ਕੋਈ ਅੱਲ੍ਹਾ, ਕੋਈ ਰਾਮ ਤੇ ਕੋਈ ਵਾਹਿਗੁਰੂ ਦੇ ਨਾਮ ਨਾਲ ਯਾਦ ਕਰਦਾ ਹੈ। ਸਿਰਫ ਆਪਣੇ ਮਨ ਨੂੰ ਸਮਝਾਉਣ ਦੀ ਗੱਲ ਹੈ। ਗ਼ਜ਼ਲ ਇੱਕੋ ਹੈ ਦੇ ਇਕ ਸ਼ਿਅਰ ਵਿਚ ਦਰਜ ਕੀਤਾ ਹੈ -

"ਇੱਕੋ ਹੈ ਭਗਵਾਨ ਤੇ ਅੱਲਾ,
ਫੜ੍ਹ ਲੈ ਆਪਣੇ ਮਨ ਦਾ ਪੱਲਾ।" (ਪੰਨਾ 74)

ਇਸੇ ਤਰ੍ਹਾਂ ਪੁਸਤਕ ਵਿੱਚ ਨਸ਼ੇ ਦੇ ਪਹਿਲੂ ਨੂੰ ਵੀ ਛੋਹਿਆ ਹੈ। ਇਸ ਨਾਲ ਸਬੰਧਤ ਕਵਿਤਾਵਾਂ ਮੁੰਡੇ ਨਸ਼ੇ ਦੇ ਆਦੀ, ਭਾਰਤ ਪਾਕਿ ਸਰਹੱਦ ਉੱਤੇ, ਨਸ਼ੇ ਛੱਡ ਬੰਦਿਆ ਵਿਚ ਚਿੰਤਾ ਅਤੇ ਸਲਾਹ ਮਿਲਦੀ ਹੈ। ਨਸ਼ੇੜੀ ਜਿੱਥੇ ਆਪਣੇ ਸਰੀਰ, ਇੱਜਤ ਅਤੇ ਦਿੱਖ ਦਾ ਨੁਕਸਾਨ ਕਰਦੇ ਹਨ ਉਥੇ ਆਪਣੇ ਮਾਂ ਬਾਪ ਦੀ ਬਦਨਾਮੀ ਵੀ ਕਰਵਾਉਂਦੇ ਹਨ। ਗ਼ਜ਼ਲ ਦਾ ਇਕ ਸ਼ਿਅਰ ਦੇਖੋ-

"ਨਸ਼ਿਆਂ ਨੂੰ ਲੱਗ ਗਏ ਇੱਥੇ ਜਿਨ੍ਹਾਂ ਦੇ ਪੁੱਤ,
ਉਹਨਾਂ ਆਪਣੇ ਮਾਂ ਪਿਓ ਵੀ ਕੀਤੇ ਬਦਨਾਮ।" (ਪੰਨਾ 84)

ਪੁਸਤਕ ਵਿਚ ਧੀਆਂ ਨਾਲ ਸਬੰਧਤ ਕਵਿਤਾਵਾਂ ਵੀ ਮਿਲਦੀਆਂ ਹਨ ਜਿਵੇਂ ਕਿ ਧੀਆਂ, ਕੁੜੀਆਂ, ਨੂੰਹਾਂ, ਸੋਚਾਂ ਸੌੜੀਆਂ ਅਤੇ ਧੀਆਂ ਦੀ ਲੋਹੜੀ ਆਦਿ। ਲੇਖਕ ਵਲੋ ਪੁਸਤਕ ਵਿਚਲੀਆਂ ਬੋਲੀਆਂ ਦਾ ਵੀ ਇਹੀ ਸਾਰੰਸ਼ ਮਿਲਦਾ ਹੈ।

ਲੇਖਕ ਪੁਸਤਕ ਰਾਹੀਂ ਅਜੋਕੇ ਦੌਰ ਦੀ ਸਚਾਈ ਪੇਸ਼ ਕਰਦਾ ਹੈ। ਇਹ ਸਾਰਾ ਕੁਝ ਦਿਖਾਈ ਦੇ ਰਿਹਾ ਹੈ। ਕੁਝ ਵੀ ਓਹਲਾ ਨਹੀਂ ਹੈ। ਕਵਿਤਾਵਾਂ ਦੀ ਭਾਸ਼ਾ ਸਰਲ ਅਤੇ ਸਹਿਜ ਹੈ। ਵਰਤਮਾਨ ਸਥਿਤੀ ਮੁਤਾਬਕ ਵਿਸ਼ਾ ਚੋਣ ਕੀਤੀ ਗਈ ਹੈ। ਇਸ ਪੁਸਤਕ ਨੂੰ ਕੇਵਲ ਪੜ੍ਹਨਯੋਗ ਹੀ ਨਹੀਂ ਸਗੋਂ ਅਮਲ ਕਰਨ ਯੋਗ ਵੀ ਕਿਹਾ ਜਾ ਸਕਦਾ ਹੈ। ਲੇਖਕ ਨੇ ਆਪਣਾ ਯਤਨ ਕੀਤਾ ਹੈ ਅਮਲ ਕਰਨਾ ਪਾਠਕਾਂ ਦੇ ਜਿੰਮੇ ਆਉਂਦਾ ਹੈ।

**ਸਾਬਕਾ ਏ ਐਸ ਪੀ (ਰਾਸ਼ਟਰਪਤੀ ਤੋਂ ਐਵਾਰਡ ਪ੍ਰਾਪਤ)**
**ਸੰਸ. ਅਤੇ ਪ੍ਰਧਾਨ ਲੇਖਕ ਪਾਠਕ ਸਾਹਿਤ ਸਭਾ ਰਜਿ ਬਰਨਾਲਾ।**
**ਸੰਪਰਕ ਨੰਬਰ 95010-00224**

LARRY T. NIERMEYER
Attorney at Law

OFFERING SERVICES IN THE FOLLOWING AREAS
1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation


PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
"ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ"
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330


ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ
HOPE
IMMIGRATION
Where Hope Meets
IMMIGRATION OPPORTUNITIES
USA SERVICES :
CITIZENSHIP
GREEN CARD & PETITION
AFFIDAVIT OF SUPPORT
WORK PERMIT RENEW
STUDENT VISA & TRANSFER
TOURIST VISAS
INDIAN SERVICES :
Passport
VISA
OCI CARD
RENUNCIATION
POWER OF ATTORNEY
LEGAL DOCUMENTS ATTESTATIONS
NOTARY SERVICES
WE CAN HELP YOU WORK AND SETTLE IN COUNTRIES WORLDWIDE ALSO
ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ
ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630
WEBSITE : www.hopeimmigration.net | Email : help@hopeimmigration.net
ਅਸੀਂ California State ਦੇ Bonded Immigration Consultant ਹਾਂ
ADDRESS : 2953 W CAPITOL AVE WEST SACRAMENTO, CA 95691
ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


WE HAVE THE CHEAPEST FARES TO INDIA
LEGEND TRAVEL
arc
CST # 207524-40
Special Fares To India From West-coast (us) On Air India Direct Flights
JATINDER SINGH
LOWEST AIRFARES FROM USA TO INDIA
★Travel Insurance ★ Great last Minute Deals ★ Offices in India
ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।
CALL US
(510) 797-9010
USA OFFICE: 2450 PERALTA BLVD., STE 106-108,
FREMONT CA 94536 PH.: 510-797-9010
Website: www.legendamerica.net
Emirates
CATHAY PACIFIC
ASIANA AIRLINES
JET AIRWAYS
CHINA AIRLINES
BRITISH AIRWAYS
SINGAPORE AIRLINES
Lufthansa
ANA

SANJHI SOCH TV & DAILY NEWSPAPER



TO EXPAND YOUR BUSINESS
IN INDIAN COMMUNITY




Through Newspaper & T.V,
Advertise with us just as
low as $100 PER MONTH.

Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ
ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com Sanjhi Soch TV NRI

ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260